SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 24* Issue 122 | Friday, 05 July 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਲੈਫਟੀਨੈਂਟ ਜਨਰਲ ਜੇਨੀ ਕੈਰਿਗਨਨ ਨੂੰ ਕੈਨੇਡੀਅਨ ਫੌਜ ਦਾ ਮੁਖੀ ਨਿਯੁਕਤ ਕੀਤਾ

### ਇਸ ਅਹੁਦੇ ਨੂੰ ਸੰਭਾਲਣ ਵਾਲੀ ਪਹਿਲੀ ਮਹਿਲਾ



ਓਟਵਾ, 4 ਜੁਲਾਈ (ਪੋਸਟ ਬਿਊਰੋ): ਲਿਬਰਲ ਸਰਕਾਰ ਨੇ ਲੈਫਟੀਨੈਂਟ ਜਨਰਲ ਜੇਨੀ ਕੈਰਿਗਨ ਨੂੰ ਰੱਖਿਆ ਪ੍ਰਮੁੱਖ ਨਿਯੁਕਤ ਕੀਤਾ ਹੈ। ਜਿਸ ਨਾਲ ਉਹ ਕੈਨੇਡੀਅਨ ਹਥਿਆਰਬੰਦ ਬਲਾਂ ਦੇ ਸਿਖਰਲੇ ਅਹੁਦੇ ਨੂੰ ਸੰਭਾਲਣ ਵਾਲੇ ਪਹਿਲੀ ਮਹਿਲਾ ਬਣ ਗਏ ਹਨ।

ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਲੈਫਟੀਨੈਂਟ ਜਨਰਲ ਜੇਨੀ ਕੈਰੀਗਨਨ ਨੂੰ ਦੇਸ਼ ਦਾ ਚੋਟੀ ਦਾ ਫੌਜ ਮੁਖੀ ਨਿਯੁਕਤ ਕਰਨ ਦਾ ਐਲਾਨ ਕੀਤਾ ਹੈ। ਇਹ ਪਹਿਲੀ ਵਾਰ ਹੈ ਜਦੋਂ ਕਿਸੇ ਔਰਤ ਨੂੰ ਦੇਸ਼ ਦੀ ਚੋਟੀ ਦੀ ਫੌਜ ਮੁਖੀ ਨਿਯੁਕਤ ਕੀਤਾ ਗਿਆ ਹੈ। ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਕਿਹਾ ਕਿ ਜੈਨੀ ਕੈਰੀਗਨਨ ਮੌਜੂਦਾ ਰੱਖਿਆ ਮੁਖੀ ਜਨਰਲ ਵੇਨ ਆਇਰੇ ਦੀ ਥਾਂ ਲੈਣਗੇ। ਆਇਰੇ ਕੈਨੇਡੀਅਨ ਆਰਮਡ ਫੋਰਸਿਜ਼ ਤੋਂ ਸੇਵਾਮੁਕਤ ਹੋ ਰਹੇ ਹਨ। ਜੈਨੀ ਕੈਰੀਗਨਨ 18 ਜੁਲਾਈ ਨੂੰ ਅਹੁਦਾ ਸੰਭਾਲਣਗੇ।

ਕੈਰਿਗਨਨ ਵਰਤਮਾਨ ਵਿੱਚ ਫੌਜ ਦੇ ਪੇਸ਼ੇਵਰ ਆਚਰਣ ਅਤੇ ਸੱਭਿਆਚਾਰ ਪ੍ਰਮੁੱਖ ਹਨ, ਇਹ ਅਹੁਦਾ ਯੌਨ ਸ਼ੋਸ਼ਣ ਸੰਕਟ ਦੇ ਮੱਦੇਨਜ਼ਰ ਬਣਾਇਆ ਗਿਆ ਸੀ।

2021 ਵਿੱਚ ਯੌਨ ਦੁਰਵਿਵਹਾਰ ਦੇ ਦੋਸ਼ ਲੱਗਣ ਤੋਂ ਬਾਅਦ ਕਈ ਉੱਚੇ ਅਹੁਦਿਆਂ ਵਾਲੇ ਨੇਤਾਵਾਂ ਨੂੰ ਆਪਣੇ ਅਹੁਦਿਆਂ ਤੋਂ ਹੱਟਣ ਲਈ ਮਜਬੂਰ ਹੋਣਾ ਪਿਆ ਸੀ।

ਕੈਰਿਗਨਨ 1986 ਵਿੱਚ ਫੌਜ ਵਿੱਚ ਸ਼ਾਮਿਲ ਹੋਏ ਸਨ ਅਤੇ ਉਨ੍ਹਾਂ ਨੇ ਲੜਾਕੂ ਇੰਜੀਨੀਅਰ ਰੈਜੀਮੈਂਟ ਦੀ ਕਮਾਨ ਸੰਭਾਲੀ ਅਤੇ ਕਿਊਬੇਕ ਵਿੱਚ ਹੜ੍ਹ ਦੌਰਾਨ ਫੌਜੀਆਂ ਦੀ ਅਗਵਾਈ ਕੀਤੀ। 2008 ਵਿੱਚ ਉਹ ਕੈਨੇਡੀਅਨ ਫੌਜ ਵਿੱਚ ਲੜਾਕੂ ਫੋਰਸ ਦੀ ਅਗਵਾਈ ਕਰਨ ਵਾਲੀ ਪਹਿਲੀ ਮਹਿਲਾ ਬਣੇ।

## ਸਾਬਕਾ ਮੰਤਰੀ ਕੈਥਰੀਨ ਮੈਕਕੇਨਾ ਨੇ ਕਿਹਾ- ਲਿਬਰਲਜ਼ ਨੂੰ ਇੱਕ ਨਵੇਂ ਨੇਤਾ ਦੀ ਜ਼ਰੂਰਤ

ਓਟਵਾ, 4 ਜੁਲਾਈ (ਪੋਸਟ ਬਿਊਰੋ): ਕੈਥਰੀਨ ਮੈਕਕੇਨਾ ਟਰੂਡੋ ਦੇ ਮੰਤਰੀ ਮੰਡਲ ਵਿੱਚ ਸ਼ਾਮਿਲ ਪਹਿਲੇ ਮੰਤਰੀ ਹਨ ਜਿਨ੍ਹਾਂ ਨੇ ਟਰੂਡੋ ਨੂੰ ਅਹੁਦਾ ਛੱਡਣ ਲਈ ਕਿਹਾ ਹੈ। ਕੈਥਰੀਨ ਮੈਕਕੇਨਾ, ਜਿਨ੍ਹਾਂ ਨੇ 2015 ਤੋਂ 2021 ਤੱਕ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨਾਲ ਇੱਕ ਪ੍ਰਮੁੱਖ ਲਿਬਰਲ ਕੈਬਿਨੇਟ ਮੰਤਰੀ ਦੇ ਰੂਪ ਵਿੱਚ ਕੰਮ ਕੀਤਾ। ਉਨ੍ਹਾਂ ਨੇ ਕਿਹਾ ਹੈ ਕਿ ਲਿਬਰਲ ਪਾਰਟੀ ਲਈ ਨਵੇਂ ਨੇਤਾ ਦੀ ਤਲਾਸ਼ ਕਰਨ ਦਾ ਸਮਾਂ ਆ ਗਿਆ ਹੈ।

ਮੈਕਕੇਨਾ ਨੇ ਸੀਬੀਸੀ ਨਿਊਜ਼ ਨੂੰ ਦਿੱਤੇ ਇੱਕ ਬਿਆਨ ਵਿੱਚ ਕਿਹਾ ਕਿ ਲਿਬਰਲ ਪਾਰਟੀ ਇੱਕ ਵਿਅਕਤੀ ਲਈ ਨਹੀਂ ਹੈ। ਇਹ ਉਨ੍ਹਾਂ ਕਦਰਾਂ ਕੀਮਤਾਂ ਲਈ ਹੈ ਜਿਨ੍ਹਾਂ ਲਈ ਉਹ ਖੜ੍ਹੀ ਹੈ ਅਤੇ ਇਹ ਕੈਨੇਡੀਅਨ ਲੋਕਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਹੈ।



ਪ੍ਰਧਾਨ ਮੰਤਰੀ ਕੋਲ ਮਾਣਮੱਤੀ ਵਿਰਾਸਤ ਹੈ, ਪਰ ਇਹ ਨਵੇਂ ਵਿਚਾਰਾਂ, ਨਵੀਂ ਊਰਜਾ ਅਤੇ ਨਵੇਂ ਨੇਤਾ ਦਾ ਸਮਾਂ ਹੈ। ਇਸ ਚੋਣਾਂ ਵਿੱਚ ਬਹੁਤ ਕੁਝ ਦਾਅ 'ਤੇ ਹੈ, ਖਾਸ ਕਰਕੇ ਮਾਲੀ ਹਾਲਤ ਅਤੇ ਜਲਵਾਯੂ 'ਤੇ।

ਮੈਕਕੇਨਾ ਨੇ ਟਰੂਡੋ ਦੇ ਮੰਤਰੀ ਮੰਡਲ ਵਿੱਚ ਸੇਵਾ ਕੀਤੀ ਅਤੇ ਇਸ ਹਫ਼ਤੇ ਟੋਰਾਂਟੋ-ਸੇਂਟ ਪਾਲ ਵਿੱਚ ਲਿਬਰਲਜ਼ ਦੀ ਹੈਰਾਨੀਜਨਕ ਹਾਰ ਤੋਂ ਬਾਅਦ ਲੀਡਰਸ਼ਿਪ ਵਿਚ ਬਦਲਾਅ ਦੀ ਮੰਗ ਕੀਤੀ।

## ਕਾਕਸ ਵਿਚ ਵਿਚ ਇੱਕ ਈਮੇਲ ਰਾਹੀਂ ਟਰੂਡੋ ਤੋਂ ਅਸਤੀਫੇ ਦੀ ਮੰਗ ਉੱਠੀ

ਓਟਵਾ, 4 ਜੁਲਾਈ (ਪੋਸਟ ਬਿਊਰੋ): ਲਿਬਰਲ ਬੈਕਬੇਂਚਰ ਵੇਨ ਲਾਂਗ ਨੇ ਕਾਕਸ ਨੂੰ ਇੱਕ ਈਮੇਲ ਭੇਜਕੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਤੋਂ ਨੇਤਾ ਅਹੁਦੇ ਤੋਂ ਅਸਤੀਫਾ ਦੇਣ ਦੀ ਮੰਗ ਕੀਤੀ ਹੈ, ਕਿਉਂਕਿ ਪਾਰਟੀ ਇਸ ਹਫਤੇ ਦੀ ਸ਼ੁਰੂਆਤ ਵਿੱਚ ਦਹਾਕਿਆਂ ਤੋਂ ਲਿਬਰਲ ਦੇ ਕਬਜ਼ੇ ਵਿਚ ਰਹੇ ਟੋਰਾਂਟੋ ਖੇਤਰ ਵਿੱਚ ਹਾਰ ਗਈ ਹੈ।

ਨਿਊ ਬਰੰਸਵਿਕ ਸਾਂਸਦ ਟੋਰਾਂਟੋ-ਸੇਂਟ ਪਾਲ ਵਿੱਚ ਮੰਗਲਵਾਰ ਨੂੰ ਹੋਈ ਉਪ ਚੋਣ ਵਿੱਚ ਹਾਰ ਤੋ ਬਾਅਦ ਖੁੱਲ੍ਹੇ ਤੌਰ 'ਤੇ ਟਰੂਡੋ ਦੇ ਅਸਤੀਫੇ ਦੀ ਮੰਗ ਕਰਨ ਵਾਲੇ ਪਹਿਲੇ ਲਿਬਰਲ ਕਾਕਸ ਮੈਂਬਰ ਹਨ।

ਸੀਬੀਸੀ ਨਿਊਜ ਅਨੁਸਾਰ ਈਮੇਲ ਵਿੱਚ ਲਾਂਗ ਨੇ ਲਿਖਿਆ ਕਿ ਸਾਡੀ ਪਾਰਟੀ ਦੇ ਭਵਿੱਖ ਅਤੇ ਸਾਡੇ ਦੇਸ਼ ਦੀ ਭਲਾਈ ਲਈ, ਸਾਨੂੰ ਨਵੀਂ ਲੀਡਰਸ਼ਿਪ ਅਤੇ ਨਵੀਂ ਦਿਸ਼ਾ ਦੀ ਜ਼ਰੂਰਤ ਹੈ। ਵੋਟਰਾਂ ਨੇ ਸਪੱਸ਼ਟ ਰੂਪ ਤੋਂ ਕਿਹਾ ਹੈ ਕਿ ਉਹ ਬਦਲਾਅ ਚਾਹੁੰਦੇ ਹਨ। ਮੈਂ ਸਹਿਮਤ ਹਾਂ।



ਸੇਂਟ ਜਾਨ-ਰੋਥੇਸੇ ਸਾਂਸਦ, ਜੋ ਪਹਿਲਾਂ ਵੀ ਆਪਣੀ ਸਰਕਾਰ ਖਿਲਾਫ ਬੋਲ ਚੁੱਕੇ ਹਨ, ਅਗਲੀਆਂ ਚੋਣਾਂ ਵਿੱਚ ਦੁਬਾਰਾ ਪੇਸ਼ਕਸ਼ ਨਹੀਂ ਕਰ ਰਹੇ ਹਨ। ਨਿਊਫਾਊਂਡਲੈਂਡ ਅਤੇ ਲੈਬਰਾਡੋਰ ਦੇ ਐੱਮਪੀ ਕੇਨ ਮੈਕਡੋਨਾਲਡ ਨੇ ਈਮੇਲ ਦਾ ਜਵਾਬ ਦਿੰਦੇ ਹੋਏ ਕਿਹਾ, ਬਹੁਤ ਚੰਗਾ ਕਿਹਾ !

ਬਾਅਦ ਵਿੱਚ ਉਨ੍ਹਾਂ ਨੇ ਸੀਬੀਸੀ ਨਿਊਜ਼ ਨੂੰ ਦੱਸਿਆ ਕਿ ਉਨ੍ਹਾਂ ਨੂੰ ਇਹ ਪਸੰਦ ਆਇਆ ਕਿ ਲਾਂਗ ਨੇ ਖੁਦ ਨੂੰ ਕਿਵੇਂ ਪ੍ਰਗਟ ਕੀਤਾ, ਪਰ ਉਹ ਟਰੂਡੋ ਨੂੰ ਅਸਤੀਫਾ ਦੇਣ ਲਈ ਨਹੀਂ ਕਹਿਣ-ਗੇ।

ਏਵਲਾਨ ਐੱਮਪੀ, ਜਿਨ੍ਹਾਂ ਨੇ ਕਾਰਬਨ ਟੈਕਸ 'ਤੇ ਦੋ ਵਾਰ ਆਪਣੀ ਹੀ ਪਾਰਟੀ ਖਿਲਾਫ ਵੋਟ ਕੀਤਾ ਹੈ, ਨੇ ਕਿਹਾ ਕਿ ਇਹ ਪ੍ਰਧਾਨ ਮੰਤਰੀ ਦਾ ਇਕੱਲਿਆਂ ਦਾ ਫ਼ੈਸਲਾ ਹੈ, ਪਰ ਟਰੂਡੋ ਨਾਲ ਇੱਕ ਤੱਤਕਾਲ, ਵਿਅਕਤੀਗਤ ਕਾਕਸ ਬੈਠਕ ਦੀ ਲੋੜ 'ਤੇ ਜ਼ੋਰ ਦਿੱਤਾ।

## ਰੂਸ ਅਤੇ ਚੀਨ ਦੇ ਰਾਸ਼ਟਰਪਤੀਆਂ ਦੀ ਕਜ਼ਾਕਿਸਤਾਨ 'ਚ ਮੁਲਾਕਾਤ, ਜਿਨਪਿੰਗ ਨੇ ਪੁਤਿਨ ਨੂੰ ਕਿਹਾ ਪੁਰਾਣਾ ਦੋਸਤ

ਅਸਤਾਨਾ, 4 ਜੁਲਾਈ (ਪੋਸਟ ਬਿਊਰੋ): ਮੱਧ ਏਸ਼ੀਆਈ ਦੇਸ਼ ਕਜ਼ਾਕਿਸਤਾਨ ਦੀ ਰਾਜਧਾਨੀ ਅਸਤਾਨਾ ਵਿੱਚ ਬੁੱਧਵਾਰ ਤੋਂ ਐੱਸਸੀਓ ਸਿਖਰ ਸੰਮੇਲਨ ਸ਼ੁਰੂ ਹੋਇਆ। ਇਸ ਮੁਲਾਕਾਤ ਤੋਂ ਇਲਾਵਾ ਰੂਸੀ ਰਾਸ਼ਟਰਪਤੀ ਪੁਤਿਨ ਅਤੇ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਵਿਚਾਲੇ ਮੁਲਾਕਾਤ ਹੋਈ। ਪਿਛਲੇ ਦੋ ਮਹੀਨਿਆਂ ਵਿੱਚ ਇਹ ਦੂਜੀ ਵਾਰ ਹੈ ਜਦੋਂ ਦੋਨਾਂ ਨੇਤਾਵਾਂ ਦੀ ਮੁਲਾਕਾਤ ਹੋਈ ਹੈ। ਇਸ ਦੌਰਾਨ ਦੋਨਾਂ ਨੇਤਾਵਾਂ ਨੇ ਇਕ-ਦੂਜੇ ਨਾਲ ਸਬੰਧਾਂ ਦੀ ਤਾਰੀਫ ਕੀਤੀ। ਰੂਸੀ ਰਾਸ਼ਟਰਪਤੀ ਪੁਤਿਨ ਨੇ ਜਿਨਪਿੰਗ ਨਾਲ ਮੁਲਾਕਾਤ ਦੌਰਾਨ ਕਿਹਾ ਕਿ ਬੀਜਿੰਗ ਅਤੇ ਮਾਸਕੋ ਵਿਚਾਲੇ ਸਬੰਧ ਕਦੇ ਵੀ ਬਿਹਤਰ ਨਹੀਂ ਰਹੇ। ਰੂਸ-ਯੂਕਰੇਨ ਯੁੱਧ ਸ਼ੁਰੂ ਹੋਣ ਤੋਂ ਬਾਅਦ ਦੋਨਾਂ ਵਿਚਾਲੇ ਇਹ ਪੰਜਵੀਂ ਮੁਲਾਕਾਤ ਹੈ।



ਰਾਸ਼ਟਰਪਤੀ ਪੁਤਿਨ ਨੇ ਐੱਸਸੀਓ ਦੀ ਤਾਰੀਫ਼ ਕਰਦਿਆਂ ਕਿਹਾ ਕਿ ਇਹ ਇੱਕ ਨਿਰਪੱਖ ਸੰਸਥਾ ਹੈ ਜੋ ਬਹੁਧਰੁਵੀ ਪ੍ਰਣਾਲੀ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਅ ਰਹੀ ਹੈ। ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਨੇ ਪੁਤਿਨ ਦੀ ਤਾਰੀਫ ਕੀਤੀ ਅਤੇ ਉਨ੍ਹਾਂ ਨੂੰ ਆਪਣਾ 'ਪੁਰਾਣਾ ਦੋਸਤ' ਕਿਹਾ। ਉਨ੍ਹਾਂ ਕਿਹਾ ਕਿ ਚੀਨ ਅਤੇ ਰੂਸ ਦੇ ਸਬੰਧ ਪਹਿਲਾਂ ਨਾਲੋਂ ਬਿਹਤਰ ਹਨ। ਸ਼ੀ ਜਿਨਪਿੰਗ ਨੇ ਕਿਹਾ ਕਿ ਦੁਨੀਆਂ 'ਚ ਅਸ਼ਾਂਤੀ ਹੈ। ਅਜਿਹੀ ਸਥਿਤੀ ਵਿੱਚ ਦੋਨਾਂ ਦੇਸ਼ਾਂ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਦੋਸਤੀ ਬਣਾਈ ਰੱਖਣੀ ਚਾਹੀਦੀ ਹੈ।

## ਆਸਟ੍ਰੇਲੀਆ ਵਿਚ ਪਾਰਲੀਮੈਂਟ ਵਿਚ ਪ੍ਰਦਰਸ਼ਨਕਾਰੀ ਅੰਦਰ ਹੋਏ ਦਾਖਲ, ਛੱਤ 'ਤੇ ਲਾਏ ਫ੍ਰੀ ਫਿਲਸਤੀਨ ਦੇ ਪੋਸਟਰ






ਕੈਨਬਰਾ, 4 ਜੁਲਾਈ (ਪੋਸਟ ਬਿਊਰੋ): ਆਸਟ੍ਰੇਲੀਆ 'ਚ ਵੀਰਵਾਰ ਨੂੰ ਫਲਸਤੀਨ ਸਮਰਥਕ ਪ੍ਰਦਰਸ਼ਨਕਾਰੀਆਂ ਨੇ ਸੰਸਦ ਦੀ ਛੱਤ 'ਤੇ 'ਫ੍ਰੀ ਫਲਸਤੀਨ' ਦੇ ਪੋਸਟਰ ਲਹਿਰਾਏ। ਜਾਣਕਾਰੀ ਮੁਤਾਬਕ ਕਾਲੇ ਕੱਪੜੇ ਪਹਿਨੇ ਚਾਰ ਲੋਕ ਤੇਜ਼ੀ ਨਾਲ ਸੰਸਦ 'ਚ ਦਾਖਲ ਹੋਏ ਅਤੇ ਛੱਤ 'ਤੇ ਜਾ ਕੇ ਫ੍ਰੀ ਫਲਸਤੀਨ ਦੇ ਨਾਅਰੇ ਲਗਾਉਣ ਲੱਗੇ। ਉਨ੍ਹਾਂ ਦੇ ਹੱਥਾਂ 'ਚ ਪੋਸਟਰ ਵੀ ਸਨ, ਜਿਨ੍ਹਾਂ 'ਤੇ ਲਿਖਿਆ ਸੀ 'ਫਰਾਮ ਰਿਵਰ ਟੂ ਸੀ, ਫਿਲਸਤੀਨ ਵਿਲ ਬੀ ਫ੍ਰੀ'


ਇਸ 'ਤੇ ਆਸਟ੍ਰੇਲੀਆ ਦੇ ਰੱਖਿਆ ਮੰਤਰੀ ਨੇ ਕਿਹਾ ਕਿ ਦੇਸ਼ 'ਚ ਪ੍ਰਗਟਾਵੇ ਦੀ ਆਜ਼ਾਦੀ ਅਤੇ ਸ਼ਾਂਤੀਪੂਰਨ ਵਿਰੋਧ ਪ੍ਰਦਰਸ਼ਨ ਦੀ ਇਜਾਜ਼ਤ ਹੈ। ਜੇਕਰ ਕੋਈ ਵਿਅਕਤੀ ਸਾਡੇ ਲੋਕਾਂ ਦੀ ਇੱਜ਼ਤ ਨਹੀਂ ਕਰਦਾ ਅਤੇ ਲੋਕਾਂ ਦੀ ਜਾਨ ਨੂੰ ਖਤਰੇ ਵਿੱਚ ਪਾਉਂਦਾ ਹੈ ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਐਂਥਨੀ ਅਲਬਾਨੀਜ਼ ਦੀ ਸਰਕਾਰ ਨੇ ਆਪਣੇ ਇੱਕ ਮੁਸਲਿਮ ਸੰਸਦ ਮੈਂਬਰ ਫਾਤਿਮਾ ਪੇਮੈਨ ਨੂੰ ਮੁਅੱਤਲ ਕਰ ਦਿੱਤਾ ਸੀ। ਫਾਤਿਮਾ ਨੇ ਆਸਟ੍ਰੇਲੀਆ ਦੀ ਗ੍ਰੀਨ ਪਾਰਟੀ ਵੱਲੋਂ ਫਲਸਤੀਨ ਨੂੰ ਆਜ਼ਾਦ ਦੇਸ਼ ਵਜੋਂ ਮਾਨਤਾ ਦੇਣ ਲਈ ਲਿਆਂਦੇ ਪ੍ਰਸਤਾਵ ਦਾ ਸਮਰਥਨ ਕੀਤਾ ਸੀ।

ਜਾਣਕਾਰੀ ਮੁਤਾਬਕ ਪ੍ਰਦਰਸ਼ਨਕਾਰੀ ਰੇਨੇਗੇਡ ਐਕਟੀਵਿਸਟ ਗਰੁੱਪ ਨਾਲ ਜੁੜੇ ਹੋਏ ਸਨ। ਉਹ ਇਕ ਘੰਟੇ ਤੱਕ ਛੱਤ 'ਤੇ ਚੜ੍ਹ ਕੇ ਪੋਸਟਰ ਲਹਿਰਾਉਂਦੇ ਰਹੇ।

## ਵਰਲਡ ਚੈਂਪੀਅਨ ਭਾਰਤੀ ਟੀਮ ਪਹੁੰਚੀ ਦਿੱਲੀ, ਪ੍ਰਧਾਨ ਮੰਤਰੀ ਨਾਲ ਕੀਤੀ ਮੁਲਾਕਾਤ, ਮਰੀਨ ਡਰਾਈਵ ਵਿਚ ਲਿਆ ਹਿੱਸਾ





ਨਵੀਂ ਦਿੱਲੀ, 4 ਜੁਲਾਈ (ਪੋਸਟ ਬਿਊਰੋ): ਟੀ-20 ਵਿਸ਼ਵ ਕੱਪ ਜੇਤੂ ਭਾਰਤੀ ਕ੍ਰਿਕਟ ਟੀਮ ਨੇ ਵੀਰਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਉਨ੍ਹਾਂ ਦੀ ਰਿਹਾਇਸ਼ 'ਤੇ ਮੁਲਾਕਾਤ ਕੀਤੀ। ਇਸ ਦੌਰਾਨ ਭਾਰਤੀ ਕ੍ਰਿਕਟ ਖਿਡਾਰੀਆਂ ਨੇ ਨਾਸ਼ਤਾ ਕੀਤਾ ਅਤੇ ਪ੍ਰਧਾਨ ਮੰਤਰੀ ਨਾਲ ਗੱਲਬਾਤ ਵੀ ਕੀਤੀ। ਇਸ ਦਾ ਵੀਡੀਓ ਵੀ ਸਾਹਮਣੇ ਆਇਆ ਹੈ, ਜਿਸ 'ਚ ਭਾਰਤੀ ਖਿਡਾਰੀਆਂ ਅਤੇ ਪ੍ਰਧਾਨ ਮੰਤਰੀ ਮੋਦੀ ਵਿਚਾਲੇ ਗੱਲਬਾਤ ਦੌਰਾਨ ਖੂਬ ਹਾਸਾ-ਠੱਠਾ ਹੋਇਆ।

ਪ੍ਰਧਾਨ ਮੰਤਰੀ ਮੋਦੀ ਨੇ ਚੈਂਪੀਅਨ ਖਿਡਾਰੀਆਂ ਅਤੇ ਟਰਾਫੀ ਨਾਲ ਤਸਵੀਰਾਂ ਖਿਚਵਾਈਆਂ। ਇਸ ਤੋਂ ਬਾਅਦ ਭਾਰਤੀ ਖਿਡਾਰੀ ਬੱਸ ਵਿੱਚ ਸਵਾਰ ਹੋ ਕੇ ਦਿੱਲੀ ਹਵਾਈ ਅੱਡੇ ਲਈ ਰਵਾਨਾ ਹੋ ਗਏ। ਇੱਥੋਂ ਭਾਰਤੀ ਖਿਡਾਰੀ ਮੁੰਬਈ ਗਏ। ਭਾਰਤੀ ਖਿਡਾਰੀਆਂ ਨੇ ਮੁੰਬਈ ਦੇ ਮਰੀਨ ਡਰਾਈਵ ਅਤੇ ਵਾਨਖੇੜੇ ਸਟੇਡੀਅਮ ਵਿਚਾਲੇ ਹੋਣ ਵਾਲੀ ਜਿੱਤ ਪਰੇਡ ਵਿੱਚ ਵੀ ਹਿੱਸਾ ਲਿਆ।

ਇਸ ਤੋਂ ਪਹਿਲਾਂ ਟੀ-20 ਵਿਸ਼ਵ ਕੱਪ ਜਿੱਤਣ ਤੋਂ ਬਾਅਦ 3 ਦਿਨਾਂ ਤੋਂ ਬਾਰਬਾਡੋਸ 'ਚ ਫਸੀ ਟੀਮ ਇੰਡੀਆ ਵਾਪਿਸ ਭਾਰਤ ਪਰਤ ਆਈ ਹੈ। ਦਿੱਲੀ ਏਅਰਪੋਰਟ 'ਤੇ ਕਪਤਾਨ ਰੋਹਿਤ ਸ਼ਰਮਾ ਨੇ ਬੀਸੀਸੀਆਈ ਸਕੱਤਰ ਜੈ ਸ਼ਾਹ ਅਤੇ ਪ੍ਰਧਾਨ ਰੋਜਰ ਬਿੰਨੀ ਨਾਲ ਕੇਕ ਕੱਟਿਆ। ਇਸ ਤੋਂ ਬਾਅਦ ਟੀਮ ਹੋਟਲ ਆਈਟੀਸੀ ਮੌਰੀਆ ਲਈ ਰਵਾਨਾ ਹੋਈ ਸੀ।

ਹੋਟਲ ਪਹੁੰਚਣ ਤੋਂ ਬਾਅਦ ਭਾਰਤੀ ਕਪਤਾਨ ਰੋਹਿਤ ਸ਼ਰਮਾ, ਰਿਸ਼ਭ ਪੰਤ, ਸੂਰਿਆਕੁਮਾਰ ਯਾਦਵ ਅਤੇ ਹਾਰਦਿਕ ਪਾਂਡਿਆ ਭੰਗੜਾ ਪਾਉਂਦੇ ਨਜ਼ਰ ਆਏ। ਭਾਰਤੀ ਟੀਮ ਦੇ ਮੁੱਖ ਕੋਚ ਰਾਹੁਲ ਦ੍ਰਾਵਿੜ ਨੇ ਹੋਟਲ ਵਿੱਚ ਇੱਕ ਵਿਸ਼ੇਸ਼ ਕੇਕ ਕੱਟਿਆ, ਜਿਸ ਨੂੰ ਹੋਟਲ ਪ੍ਰਬੰਧਕਾਂ ਨੇ ਬਣਾਇਆ ਸੀ।

ਭਾਰਤੀ ਟੀਮ ਨੂੰ ਬਾਰਬਾਡੋਸ 'ਚ ਭਾਰੀ ਮੀਂਹ ਕਾਰਨ ਆਉਣ 'ਚ ਦੇਰੀ ਹੋ ਗਈ ਸੀ। ਖ਼ਰਾਬ ਮੌਸਮ ਕਾਰਨ ਬੀਸੀਸੀਆਈ ਨੇ ਭਾਰਤੀ ਖਿਡਾਰੀਆਂ ਦੀ ਵਾਪਸੀ ਲਈ ਇੱਕ ਵਿਸ਼ੇਸ਼ ਉਡਾਣ ਦਾ ਪ੍ਰਬੰਧ ਕੀਤਾ ਸੀ। ਭਾਰਤੀ ਕ੍ਰਿਕਟ ਟੀਮ ਦਾ ਬਾਰਬਾਡੋਸ ਤੋਂ ਦਿੱਲੀ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਭਾਰਤ ਨੇ 17 ਸਾਲ ਬਾਅਦ ਟੀ20 ਵਿਸ਼ਵ ਕੱਪ ਜਿੱਤਿਆ ਹੈ। ਇਸਤੋਂ ਪਹਿਲਾਂ 2007 'ਚ ਟੀ-20 ਵਿਸ਼ਵ ਕੱਪ ਜਿੱਤਿਆ ਸੀ। ਭਾਰਤ ਨੇ 11 ਸਾਲ ਬਾਅਦ ਕੋਈ ਆਈ.ਸੀ.ਸੀ ਦਾ ਖਿਤਾਬ ਜਿੱਤਿਆ ਹੈ।

MagGas Medical Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨਾਂ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ ਮੁਫ਼ਤ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

## ਅੱਜ ਨਾਮਾ >>

ਪਰਚੇ ਪਾਕਿ ਵਿਚ ਕੀਤੇ ਇਮਰਾਨ ਉੱਤੇ,
ਦੁਨੀਆਂ ਸਾਰੀ ਫਿਰ ਹੋਈ ਹੈਰਾਨ ਮੀਆਂ।
ਫਟਾਫਟ ਕੋਰਟ ਵੀ ਕੀਤੀ ਸੀ ਕਾਰਵਾਈ,
ਲੱਗ ਪਏ ਸਜ਼ਾ ਦੇ ਹੋਣ ਫੁਰਮਾਨ ਮੀਆਂ।
ਵਰਤਿਆ ਵਕਤ ਸੀ ਉਹੋ ਵਿਰੋਧੀਆਂ ਨੇ,
ਜਿੱਤਿਆ ਚੋਣਾਂ ਦਾ ਗਰਮ ਮੈਦਾਨ ਮੀਆਂ।
ਲੱਗਿਆ ਉਲਟਾ ਅਦਾਲਤੀ ਗੇਅਰ ਜਾਪੇ,
ਲੱਗਾ ਸੌਖਾ ਜਿਹਾ ਹੋਣ ਇਮਰਾਨ ਮੀਆਂ।
ਕਈਆਂ ਕੇਸਾਂ ਤੋਂ ਬਰੀ ਉਹ ਗਿਆ ਕੀਤਾ,
ਬਾਕੀਆਂ ਵਿੱਚ ਵੀ ਇਹੀ ਕੁਝ ਹੋਣ ਵਾਲਾ।
ਉਨ੍ਹਾਂ ਦੇ ਬਾਅਦ ਫਿਰ ਰਹੂਗਾ ਕੇਸ ਇੱਕੋ,
ਸਿਆਸੀ ਵਿਰੋਧੀਆਂ ਦਾ ਧੋਣਾ ਧੋਣ ਵਾਲਾ।

**ਤੀਸ ਮਾਰ ਖਾਂ**

# ਡਿਪਟੀ ਕਮਿਸ਼ਨਰਾਂ ਨੂੰ ਮਾਨਸੂਨ ਸੀਜ਼ਨ ਦੌਰਾਨ ਕਿਸੇ ਵੀ ਅਣਸੁਖਾਵੀਂ ਸਥਿਤੀ ਨਾਲ ਨਜਿੱਠਣ ਲਈ ਤਿਆਰ ਬਰ ਤਿਆਰ ਰਹਿਣ ਦੀ ਹਦਾਇਤ

### 252 ਕਰੋੜ ਰੁਪਏ ਦੀ ਲਾਗਤ ਨਾਲ ਕੀਤੇ ਜਾ ਰਹੇ ਹਨ ਹੜ੍ਹ ਰੋਕੂ ਕੰਮ: ਅਨੁਰਾਗ ਵਰਮਾ

ਚੰਡੀਗੜ੍ਹ, 4 ਜੁਲਾਈ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ’ਤੇ ਮੁੱਖ ਸਕੱਤਰ ਸ੍ਰੀ ਅਨੁਰਾਗ ਵਰਮਾ ਨੇ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ ਨਾਲ ਵੀਡੀਓ ਕਾਨਫਰੰਸ ਕਰਦਿਆਂ ਉਨ੍ਹਾਂ ਨੂੰ ਮਾਨਸੂਨ ਸੀਜ਼ਨ ਦੌਰਾਨ ਤਿਆਰ-ਬਰ-ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ ਤਾਂ ਜੋ ਲੋਕਾਂ ਨੂੰ ਕਿਸੇ ਵੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਪ੍ਰਮੁੱਖ ਸਕੱਤਰ, ਜਲ ਸਰੋਤ ਨੇ ਦੱਸਿਆ ਕਿ ਮੌਜੂਦਾ ਸਮੇਂ ਭਾਖੜਾ ਡੈਮ ਦਾ ਪੱਧਰ 1590 ਫੁੱਟ ਹੈ, ਜੋ ਪਿਛਲੇ ਸਾਲ ਦੇ ਪੱਧਰ ਨਾਲੋਂ 8 ਫੁੱਟ ਘੱਟ ਹੈ। ਇਸੇ ਤਰ੍ਹਾਂ ਪੌਂਗ ਡੈਮ ਪਿਛਲੇ ਸਾਲ ਨਾਲੋਂ 30 ਫੁੱਟ ਅਤੇ ਰਣਜੀਤ ਸਾਗਰ ਡੈਮ ਦਾ ਪੱਧਰ 34 ਫੁੱਟ ਘੱਟ ਹੈ।

ਵਰਮਾ ਨੇ ਦੱਸਿਆ ਕਿ ਇਸ ਸਾਲ 252 ਕਰੋੜ ਰੁਪਏ ਦੀ ਲਾਗਤ ਨਾਲ ਹੜ੍ਹ ਰੋਕੂ ਕੰਮ ਕੀਤੇ ਜਾ ਰਹੇ ਹਨ, ਜੋ ਪਿਛਲੇ ਦੋ ਸਾਲਾਂ ਦੌਰਾਨ ਕੀਤੇ ਗਏ ਔਸਤ ਕੰਮਾਂ ਦਾ ਲਗਭਗ ਡੇਢ ਗੁਣਾ ਹੈ। ਸ੍ਰੀ ਵਰਮਾ ਨੇ ਡਿਪਟੀ ਕਮਿਸ਼ਨਰਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਸਬੰਧਤ ਜ਼ਿਲ੍ਹਿਆਂ ਵਿੱਚ ਮੁੜ ਤੋਂ ਸੰਵੇਦਨਸ਼ੀਲ ਥਾਵਾਂ ਦਾ ਦੌਰਾ ਕਰਨ ਅਤੇ ਇਹ ਯਕੀਨੀ ਬਣਾਉਣ ਕਿ ਉੱਥੇ ਹੜ੍ਹ ਰੋਕੂ ਕਾਰਜ ਤਸੱਲੀਬਖ਼ਸ਼ ਢੰਗ ਨਾਲ ਪੂਰੇ ਕੀਤੇ ਗਏ ਹਨ। ਉਨ੍ਹਾਂ ਡਿਪਟੀ ਕਮਿਸ਼ਨਰਾਂ ਨੂੰ ਪੂਰੇ ਮਾਨਸੂਨ ਸੀਜ਼ਨ ਦੌਰਾਨ ਪਿੰਡਾਂ ਵਿੱਚ ਸੰਵੇਦਨਸ਼ੀਲ ਥਾਵਾਂ ਦੇ ਨੇੜਲੀ ਵਸੋਂ ਦੇ ਨਿਰੰਤਰ ਸੰਪਰਕ



ਵਿੱਚ ਰਹਿਣ ਦੇ ਵੀ ਨਿਰਦੇਸ਼ ਦਿੱਤੇ।

ਵਰਮਾ ਨੇ ਡਿਪਟੀ ਕਮਿਸ਼ਨਰਾਂ ਨੂੰ ਹਦਾਇਤ ਕੀਤੀ ਕਿ ਸ਼ਹਿਰਾਂ ਵਿੱਚ ਸੀਵਰੇਜ ਸਿਸਟਮ ਦੀ ਸਫ਼ਾਈ ਦੀ ਮੁੜ ਜਾਂਚ ਕੀਤੀ ਜਾਵੇ। ਉਨ੍ਹਾਂ ਨੂੰ ਪਾਣੀ ਕੱਢਣ ਵਾਲੇ ਪੰਪਾਂ ਦੇ ਨਾਲ ਜੈਨਸੈੱਟ ਦੀ ਵਿਵਸਥਾ ਕਰਨਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ। ਡਿਪਟੀ ਕਮਿਸ਼ਨਰਾਂ ਨੂੰ ਵਾਟਰ ਪੰਪਿੰਗ ਸਟੇਸ਼ਨਾਂ 'ਤੇ ਜਨਰੇਟਰਾਂ ਦੇ ਪ੍ਰਬੰਧ ਕਰਨ ਦੇ ਨਿਰਦੇਸ਼ ਵੀ ਦਿੱਤੇ ਗਏ। ਉਨ੍ਹਾਂ ਨੂੰ ਪੀ.ਐਸ.ਪੀ.ਸੀ.ਐਲ. ਦੇ ਅਧਿਕਾਰੀਆਂ ਨਾਲ ਬਿਜਲੀ ਪ੍ਰਬੰਧਾਂ ਦਾ ਜਾਇਜ਼ਾ ਲੈਣ ਦੇ ਵੀ ਨਿਰਦੇਸ਼ ਦਿੱਤੇ ਗਏ ਤਾਂ ਜੋ ਮੀਂਹ ਦੇ ਦਿਨਾਂ ਦੌਰਾਨ ਬਿਜਲੀ ਸਪਲਾਈ ਵਿੱਚ ਵਿਘਨ ਨਾ ਪਵੇ।

ਜਲ ਸਰੋਤ ਵਿਭਾਗ ਦੇ ਪ੍ਰਮੁੱਖ ਸਕੱਤਰ ਕ੍ਰਿਸ਼ਨ ਕੁਮਾਰ ਨੇ ਦੱਸਿਆ ਕਿ ਵੱਖ-ਵੱਖ ਜ਼ਿਲ੍ਹਿਆਂ ਵਿੱਚ ਲਗਭਗ 8.5 ਲੱਖ ਖਾਲੀ ਥੈਲੇ (ਈ.ਸੀ. ਬੈਗ) ਖਰੀਦੇ ਗਏ ਹਨ ਅਤੇ ਸੰਵੇਦਨਸ਼ੀਲ ਥਾਵਾਂ ਦੇ ਨੇੜੇ ਉਪਲਬਧ ਕਰਵਾਏ ਗਏ ਹਨ। ਡਿਪਟੀ ਕਮਿਸ਼ਨਰਾਂ ਨੇ ਦੱਸਿਆ ਕਿ ਉਹ ਐਮਰਜੈਂਸੀ ਦੀ ਸਥਿਤੀ ਵਿੱਚ ਪਾਣੀ ਵਾਲੀਆਂ ਥਾਵਾਂ ‘ਚੋਂ ਬਾਹਰ ਕੱਢਣ ਸਬੰਧੀ ਯੋਜਨਾਵਾਂ ਨੂੰ ਅਮਲ ਵਿੱਚ ਲਿਆਉਣ ਲਈ ਪੂਰੀ ਤਰ੍ਹਾਂ ਤਿਆਰ ਹਨ। ਸਾਰੇ ਜ਼ਿਲ੍ਹਿਆਂ ਵਿੱਚ ਫਲੱਡ ਕੰਟਰੋਲ ਰੂਮ ਸਥਾਪਿਤ ਕੀਤੇ ਗਏ ਹਨ। ਐਮਰਜੈਂਸੀ ਦੀ ਸਥਿਤੀ ਵਿੱਚ ਮਨੁੱਖਾਂ ਅਤੇ ਪਸ਼ੂ ਧਨ ਲਈ ਸੁਰੱਖਿਅਤ ਸਥਾਨਾਂ (ਸ਼ੈਲਟਰਾਂ) ਦੀ ਪਛਾਣ ਕੀਤੀ ਗਈ ਹੈ।

ਵਰਮਾ ਨੇ ਕਿਹਾ ਕਿ ਸੂਬਾ ਸਰਕਾਰ ਦਿਨ-ਰਾਤ ਕੰਮ ਵਿੱਚ ਲੱਗੀ ਰਹੇਗੀ ਤਾਂ ਜੋ ਹੜ੍ਹਾਂ ਕਾਰਨ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਹੋਣਾ ਯਕੀਨੀ ਬਣਾਇਆ ਜਾ ਸਕੇ।

# ਡਿਪਟੀ ਕਮਿਸ਼ਨਰ ਵੱਲੋਂ ਸਾਬਕਾ ਐਨ.ਜੀ.ਟੀ. ਚੇਅਰਮੈਨ ਅਤੇ ਮਾਹਿਰਾਂ ਨਾਲ ਵਿਚਾਰ ਵਟਾਂਦਰੇ

### 'ਵੇਕ ਅੱਪ ਲੁਧਿਆਣਾ' ਮੁਹਿੰਮ ਦੇ ਹਿੱਸੇ ਵਜੋਂ ਜ਼ਿਲੇ 'ਚ ਵਾਤਾਵਰਣ ਸੰਬੰਧੀ ਬਿਹਤਰੀਨ ਅਭਿਆਸਾਂ ਸਬੰਧੀ ਕੀਤੀ ਵਰਚੂਅਲ ਮੀਟਿੰਗ



ਲੁਧਿਆਣਾ, 4 ਜੁਲਾਈ (ਗਿਆਨ ਸਿੰਘ): ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਵੱਲੋਂ ਅੱਜ 'ਵੇਕ ਅੱਪ ਲੁਧਿਆਣਾ' ਮੁਹਿੰਮ ਦੇ ਹਿੱਸੇ ਵਜੋਂ ਲੁਧਿਆਣਾ ਜ਼ਿਲੇ ਵਿੱਚ ਵਾਤਾਵਰਣ ਸੰਬੰਧੀ ਬਿਹਤਰੀਨ ਅਭਿਆਸਾਂ 'ਤੇ ਚਰਚਾ ਕਰਨ ਲਈ ਵੱਖ-ਵੱਖ ਖੇਤਰਾਂ ਦੇ ਮਾਹਿਰਾਂ ਨਾਲ ਵਰਚੂਅਲ ਮੀਟਿੰਗ ਕੀਤੀ। ਮੀਟਿੰਗ ਦਾ ਮੁੱਖ ਮੰਤਵ ਉਨ੍ਹਾਂ ਮਾਹਿਰਾਂ ਨੂੰ ਅੱਗੇ ਲਿਆਉਣਾ ਹੈ ਜਿਨ੍ਹਾਂ ਵਾਤਾਵਰਣ ਸੰਭਾਲ ਵਿੱਚ ਵਿਆਪਕ ਤੌਰ 'ਤੇ ਕੰਮ ਕੀਤਾ ਹੈ ਅਤੇ ਜੋ ਸਵੈ-ਇੱਛਾ ਨਾਲ ਲੁਧਿਆਣਾ ਵਿੱਚ ਸਥਿਰਤਾ ਮੁਹਿੰਮ ਵਿੱਚ ਯੋਗਦਾਨ ਪਾਉਣਾ ਚਾਹੁੰਦੇ ਹਨ।

ਅੱਜ ਦੀ ਚਰਚਾ ਪਲੇਟਫਾਰਮ ਦੇ ਸੰਸਥਾਗਤਕਰਨ ਅਤੇ ਗਰੀਨ/ਕਾਰਬਨ/ਵਾਟਰ ਕ੍ਰੈਡਿਟ ਲਈ ਲੁਧਿਆਣਾ ਨੂੰ ਲਾਮਬੰਦ ਕਰਨ ਅਤੇ ਅੱਗੇ ਵਧਣ ਦੇ ਦੁਆਲੇ ਕੇਂਦਰਿਤ ਰਹੀ।

ਵਿਚਾਰ-ਵਟਾਂਦਰੇ ਤੋਂ ਆਸ ਪ੍ਰਗਟਾਈ ਜਾਂਦੀ ਹੈ ਕਿ ਉਹ ਨਿਰੀਖਣਯੋਗ ਅਤੇ ਕਾਰਵਾਈਯੋਗ ਟੀਚਿਆਂ ਦੇ ਆਧਾਰ 'ਤੇ ਉਸਾਰੂ ਅਤੇ ਸਕਾਰਾਤਮਕ ਨਤੀਜੇ ਸਾਹਮਣੇ ਆਉਣਗੇ।

ਵਲੰਟੀਅਰ ਵਜੋਂ ਮਾਹਿਰਾਂ ਵਿੱਚ ਸਾਬਕਾ ਐਨ.ਜੀ.ਟੀ. ਚੇਅਰਮੈਨ ਜਸਟਿਸ ਆਦਰਸ਼ ਕੁਮਾਰ ਗੋਇਲ, ਪੀ.ਪੀ.ਸੀ.ਬੀ. ਦੇ ਸੇਵਾਮੁਕਤ ਮੈਂਬਰ ਸਕੱਤਰ ਬਾਬੂ ਰਾਮ, ਵਰਧਮਾਨ ਸਪੈਸ਼ਲ ਸਟੀਲਜ਼ ਤੋਂ ਅਮਿਤ ਧਵਨ, ਅਨੂਪ ਗੋਇਲ, ਨਗਰ ਨਿਗਮ ਦੇ ਵਧੀਕ ਕਮਿਸ਼ਨਰ ਪਰਮਦੀਪ ਸਿੰਘ, ਐਕਸੀਅਨ ਪੀ.ਪੀ.ਸੀ.ਬੀ. ਕਮਲਦੀਪ ਕੌਰ ਅਤੇ ਹੋਰ ਸ਼ਾਮਲ ਹਨ।

# ਅਮਰੀਕਾ ਵਿਚ ਤਬਾਹ ਹੋਏ ਇਕ ਛੋਟੇ ਜਹਾਜ਼ ਵਿਚ ਸਵਾਰ ਇਕ ਪਰਿਵਾਰ ਦੇ 5 ਜੀਆਂ ਦੀ ਮੌਤ

### ਬੇਸਬਾਲ ਟੂਰਨਾਮੈਂਟ ਵੇਖ ਕੇ ਜਾਰਜੀਆ ਵਾਪਿਸ ਆ ਰਿਹਾ ਸੀ ਪਰਿਵਾਰ



ਸੈਕਰਾਮੈਂਟੋ, ਕੈਲੀਫੋਰਨੀਆ (ਹੁਸਨ ਲੜੋਆ ਬੰਗਾ): ਅਮਰੀਕਾ ਦੇ ਨਿਊਯਾਰਕ ਰਾਜ ਦੇ ਉੱਤਰੀ ਹਿੱਸੇ ਵਿਚ ਇਕ ਇੰਜਣ ਵਾਲਾ ਛੋਟਾ ਜਹਾਜ਼ ਤਬਾਹ ਹੋਣ ਤੇ ਉਸ ਵਿਚ ਸਵਾਰ ਜਾਰਜੀਆ ਦੇ ਇਕ ਪਰਿਵਾਰ ਦੇ 5 ਜੀਆਂ ਦੀ ਮੌਤ ਹੋਣ ਦੀ ਖਬਰ ਹੈ। ਇਹ ਜਾਣਕਾਰੀ ਪੁਲਿਸ ਨੇ ਜਾਰੀ ਇਕ ਬਿਆਨ ਵਿਚ ਦਿੱਤੀ ਹੈ। ਬਿਆਨ ਅਨੁਸਾਰ ਪਰਿਵਾਰ ਬੇਸਬਾਲ ਟੂਰਨਾਮੈਂਟ ਵੇਖ ਕੇ ਕੂਪਰਸਟਾਊਨ, ਨਿਊਯਾਰਕ ਤੋਂ ਵਾਪਿਸ ਜਾਰਜੀਆ ਆ ਰਿਹਾ ਸੀ ਕਿ ਜਹਾਜ਼ ਅਚਾਨਕ ਹਾਦਸਾਗ੍ਰਸਤ ਹੋ ਕੇ ਜਮੀਨ ਉਪਰ ਡਿੱਗ ਪਿਆ ਤੇ ਉਸ ਵਿਚ ਸਵਾਰ ਸਾਰੇ ਵਿਅਕਤੀ ਮਾਰੇ ਗਏ। ਪੁਲਿਸ ਨੇ ਮ੍ਰਿਤਕਾਂ ਦੀ ਪਛਾਣ ਰੋਜਰ ਬੈਗਸ (76), ਲੌਰਾ ਵੈਨ ਏਪਸ (43), ਰੀਆਨ ਵੈਨ ਏਪਸ (42) ਜੇਮਜ ਆਰ ਵੈਨ ਏਪਸ (12) ਤੇ ਵੈਨ ਏਪਸ (10) ਵਜੋਂ ਕੀਤੀ ਹੈ। ਨਿਊਯਾਰਕ ਸਟੇਟ ਪੁਲਿਸ ਵੱਲੋਂ ਜਾਰੀ ਪ੍ਰੈਸ ਬਿਆਨ ਅਨੁਸਾਰ ਡੈਲਾਵੇਅਰ ਕਾਊਂਟੀ ਵਿਚ ਮੈਸਨਵਿਲੇ ਕਸਬੇ ਵਿਚ ਲੇਕ ਸੀਸਿਲ ਰੋਡ ਦੇ ਆਸ ਪਾਸ ਦੇ ਖੇਤਰ ਵਿਚ ਸੰਭਾਵੀ ਤੌਰ 'ਤੇ ਇਕ ਜਹਾਜ਼ ਦੇ ਤਬਾਹ ਹੋਣ ਦੀ ਸੂਚਨਾ ਮਿਲਣ 'ਤੇ ਏਜੰਸੀਆਂ ਵੱਲੋਂ ਡਰੋਨ ਦੀ ਮੱਦਦ ਨਾਲ ਜਹਾਜ਼ ਦਾ ਮਲਬਾ ਤੇ ਉਸ ਵਿਚ ਸਵਾਰ ਮਾਰੇ ਗਏ ਵਿਅਕਤੀਆਂ ਦੀਆਂ ਲਾਸ਼ਾਂ ਲੱਭ ਲਈਆਂ ਗਈਆਂ ਹਨ। ਬਿਆਨ ਅਨੁਸਾਰ ਹਾਦਸੇ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਜਿਸ ਉਪਰੰਤ ਹੀ ਹਾਦਸੇ ਦੇ ਅਸਲ ਕਾਰਨ ਬਾਰੇ ਪਤਾ ਲੱਗ ਸਕੇਗਾ। ਜਾਰਜੀਆ ਦੇ ਗਵਰਨਰ ਬਰੀਅਨ ਕੈਂਪ ਨੇ ਇਕ ਬਿਆਨ ਵਿਚ ਹਾਦਸੇ ਵਿਚ ਮਾਰੇ ਗਏ ਵਿਅਕਤੀਆਂ ਦੇ ਸੱਕੇ ਸਬੰਧੀਆਂ ਤੇ ਹੋਰ ਸੱਜਣਾਂ ਮਿੱਤਰਾਂ ਨਾਲ ਡੂੰਘੇ ਦੁੱਖ ਤੇ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ।

# ਪੱਕਾ ਡਰੇਨ ਦੀ ਸਫ਼ਾਈ ਦਾ ਡਿਪਟੀ ਕਮਿਸ਼ਨਰ ਨੇ ਦੌਰਾ ਕਰਕੇ ਲਿਆ ਜਾਇਜ਼ਾ

### * 1.45 ਕਰੋੜ ਦੀ ਲਾਗਤ ਨਾਲ ਹੋਵੇਗੀ ਜ਼ਿਲੇ ਦੀਆਂ ਡਰੇਨਾਂ ਦੀ ਸਫ਼ਾਈ *ਫਲੱਡ ਕੰਟਰੋਲ ਰੂਮ ਨੰਬਰ 01639-250338 ਤੇ ਹੜ੍ਹਾਂ ਸਬੰਧੀ ਦਿੱਤੀ ਜਾ ਸਕਦੀ ਜਾਣਕਾਰੀ

ਫਰੀਦਕੋਟ, 4 ਜੁਲਾਈ (ਗਿਆਨ ਸਿੰਘ): ਆਉਣ ਵਾਲੇ ਬਰਸਾਤਾਂ ਦੇ ਮੌਸਮ ਦੌਰਾਨ ਹੜ੍ਹਾਂ ਵਰਗੀ ਸਥਿਤੀ ਨਾਲ ਨਜਿੱਠਣ ਲਈ ਕੀਤੇ ਜਾ ਰਹੇ ਪ੍ਰਬੰਧਾਂ ਅਤੇ ਜਿਲ੍ਹੇ ਵਿੱਚ ਚੱਲ ਰਹੀਆਂ ਡਰੇਨਾਂ ਦੀ ਸਫਾਈ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਅੱਜ ਪੱਕਾ ਡਰੇਨ ਦਾ ਅਚਨਚੇਤ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਡਰੇਨਜ਼ ਵਿਭਾਗ ਦੇ ਅਧਿਕਾਰੀਆਂ ਤੋਂ ਚੱਲ ਰਹੀ ਸਫਾਈ ਅਤੇ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕੀਤੀ।



ਇਸ ਮੌਕੇ ਉਨ੍ਹਾਂ ਡਰੇਨੇਜ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜਿਲ੍ਹੇ ਵਿੱਚ ਚੱਲ ਰਹੀ ਡਰੇਨਾਂ ਦੀ ਸਫ਼ਾਈ ਦਾ ਕੰਮ ਸਮੇਂ ਸਿਰ ਮੁਕੰਮਲ ਕੀਤਾ ਜਾਵੇ।

ਡਿਪਟੀ ਕਮਿਸ਼ਨਰ ਨੇ ਇਸ ਸਬੰਧੀ ਜਾਣਕਾਰੀ ਦਿੰਦੇ ਦੱਸਿਆ ਕਿ ਫਰੀਦਕੋਟ ਜਿਲ੍ਹੇ ਅੰਦਰ ਪੈਂਦੀਆਂ ਕੁੱਲ 35 ਡਰੇਨਾਂ ਦੀ ਸਫਾਈ ਕਰਵਾਈ ਜਾ ਰਹੀ ਹੈ। ਇਨ੍ਹਾਂ ਡਰੇਨਾਂ ਵਿੱਚੋਂ 18 ਡਰੇਨਾਂ ਟੈਂਡਰ ਰਾਹੀਂ, 2 ਡਰੇਨਾਂ ਡਿਪਾਰਟਮੈਂਟ ਮਸ਼ੀਨਰੀ ਰਾਹੀਂ ਅਤੇ 8 ਡਰੇਨਾਂ ਦੀ ਮਗਨਰੇਗਾ ਅਧੀਨ ਸਫਾਈ ਕਰਵਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਬਾਕੀ 6 ਡਰੇਨਾਂ ਦੇ ਟੈਂਡਰ ਲੱਗਣ ਤੋਂ ਬਾਅਦ ਜਲਦ ਹੀ ਸਫਾਈ ਕਰਵਾ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਾਰੀਆਂ ਡਰੇਨਾਂ ਦੀ ਜਿਲ੍ਹੇ ਅੰਦਰ ਕੁੱਲ ਲੰਬਾਈ 217.07 ਕਿਲੋਮੀਟਰ ਬਣਦੀ ਹੈ ਅਤੇ ਇਨ੍ਹਾਂ ਡਰੇਨਾਂ ਦੀ ਸਫਾਈ ਤੇ ਲਗਭਗ 1 ਕਰੋੜ 45 ਲੱਖ 75 ਹਜ਼ਾਰ ਰੁਪਏ ਖਰਚਾ ਆਉਣ ਦੀ ਸੰਭਾਵਨਾ ਹੈ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਡਰੇਨਾਂ ਦੀ ਸਫ਼ਾਈ ਦਾ ਕੰਮ 15 ਜੁਲਾਈ ਤੱਕ ਮੁਕੰਮਲ ਹੋਣ ਦੀ ਸੰਭਾਵਨਾ ਹੈ।


ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਉਹ ਬਰਸਾਤੀ ਪਾਣੀ ਤੋਂ ਪ੍ਰਭਾਵਿਤ ਇਲਾਕਿਆਂ ਵਿੱਚ ਖਾਸ ਮੁਸ਼ਤੈਦੀ ਰੱਖਣ ਅਤੇ ਜਿਨਾਂ ਵਿਚ ਹੜਾਂ ਦੀ ਸਥਿਤੀ ਬਣੀ ਹੋਈ ਹੈ ਉਥੇ ਸੁਰੱਖਿਆ ਦੇ ਪੁਖਤਾ ਇੰਤਜ਼ਾਮ ਕਰਨ।

ਉਨ੍ਹਾਂ ਦੱਸਿਆ ਕਿ ਜਿਲ੍ਹਾ ਪੱਧਰ ਦਾ ਫਲੱਡ ਕੰਟਰੋਲ ਰੂਮ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਮਰਾ ਨੰਬਰ 247 ਵਿਖੇ ਸਥਾਪਿਤ ਕੀਤਾ ਗਿਆ ਹੈ, ਜਿਸ ਦਾ ਨੰਬਰ 01639-250338 ਹੈ। ਇਹ ਕੰਟਰੋਲ ਰੂਮ 24 ਘੰਟ ਕਾਰਜਸ਼ੀਲ ਹੈ। ਇਸ ਮੌਕੇ ਐਕਸੀਅਨ ਫਰੀਦਕੋਟ ਡਰਨੇਜ਼ ਜਗਸੀਰ ਸਿੰਘ, ਐਸ.ਡੀ.ਓ ਗੁਰਜੀਤ ਸਿੰਘ ਵੀ ਹਾਜ਼ਰ ਸਨ।

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

**TAX & ACCOUNTING**
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant

ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :

BROKEN SPRINGS
CABLES & ROLLERS
GARAGE DOOR OPENERS

We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ

Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC

Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636

2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

# ਸੰਜੀਵ ਅਰੋੜਾ ਵੱਲੋਂ ਸਿਵਲ ਹਸਪਤਾਲ ਦੇ ਵਿਕਾਸ ਕਾਰਜਾਂ, ਹਲਵਾਰਾ ਹਵਾਈ ਅੱਡੇ ਦੀ ਸਥਿਤੀ ਅਤੇ ਐਨ.ਐਚ.ਏ.ਆਈ. ਪ੍ਰੋਜੈਕਟਾਂ ਦੀ ਸਮੀਖਿਆ

*** ਸੰਸਦ ਮੈਂਬਰ ਵੱਲੋਂ ਸਿਵਲ ਹਸਪਤਾਲ ਦੇ ਨਵੀਨੀਕਰਨ ਅਤੇ ਨਵੇਂ ਮੈਡੀਕਲ ਉਪਕਰਨਾਂ ਲਈ ਦੋ ਕਰੋੜ ਰੁਪਏ ਦਾ ਐਲਾਨ, ਅੱਜ ਇਕ ਕਰੋੜ ਰੁਪਏ ਕੀਤੇ ਜਾਰੀ * ਲਾਡੋਵਾਲ ਬਾਈਪਾਸ ਦੇ ਨਾਲ 19 ਕਰੋੜ ਰੁਪਏ ਦੀ ਲਾਗਤ ਵਾਲੇ 21 ਕਿਲੋਮੀਟਰ ਸਾਈਕਲ ਟਰੈਕ ਦੇ ਟੈਂਡਰ ਜਾਰੀ**



ਲੁਧਿਆਣਾ, 4 ਜੁਲਾਈ (ਗਿਆਨ ਸਿੰਘ): ਲੁਧਿਆਣਾ ਦੇ ਲਾਰਡ ਮਹਾਵੀਰ ਸਿਵਲ ਹਸਪਤਾਲ ਵਿੱਚ ਮਰੀਜ਼ਾਂ ਨੂੰ ਆਧੁਨਿਕ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਇੱਕ ਵੱਡਾ ਬੁਨਿਆਦੀ ਢਾਂਚਾ ਅਪਗ੍ਰੇਡ ਕਰਨ ਲਈ ਤਿਆਰ ਹੈ, ਜਿਸ ਵਿੱਚ ਲੁਧਿਆਣਾ ਤੋਂ ਰਾਜ ਸਭਾ ਮੈਂਬਰ ਸੰਜੀਵ ਅਰੋੜਾ ਨੇ ਐਮ.ਪੀ. ਲੈਡ ਫੰਡਾਂ ਵਿੱਚੋਂ 2 ਕਰੋੜ ਰੁਪਏ ਦੇ ਯੋਗਦਾਨ ਦਾ ਐਲਾਨ ਕੀਤਾ ਹੈ ਜਿਸਦੇ ਤਹਿਤ ਇੱਕ ਕਰੋੜ ਰੁਪਏ ਹਸਪਤਾਲ ਦੇ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਅਤੇ ਹੋਰ ੧ ਕਰੋੜ ਰੁਪਏ ਨਾਲ ਨਵੇਂ ਮੈਡੀਕਲ ਉਪਕਰਨਾਂ ਦੀ ਖਰੀਦ ਕੀਤੀ ਜਾਵੇਗੀ। ਇਸ ਦਾ ਉਦੇਸ਼ ਸਿਵਲ ਹਸਪਤਾਲ ਨੂੰ ਪੰਜਾਬ ਵਿੱਚ ਸਭ ਤੋਂ ਵਧੀਆ ਸਿਹਤ ਸਹੂਲਤਾਂ ਵਿੱਚੋਂ ਇੱਕ ਬਣਾਉਣਾ ਹੈ।

ਇੱਕ ਕਰੋੜ ਰੁਪਏ ਦੀ ਰਾਸ਼ੀ ਅੱਜ ਦੀ ਮੀਟਿੰਗ ਤੋਂ ਬਾਅਦ ਬੁਨਿਆਦੀ ਢਾਂਚੇ ਦੇ ਨਵੀਨੀਕਰਨ ਲਈ ਜਾਰੀ ਕੀਤੀ ਗਈ।

ਸਿਵਲ ਹਸਪਤਾਲ ਵਿਖੇ ਵਿਕਾਸ ਕਾਰਜਾਂ ਦੇ ਨਾਲ ਹਲਵਾਰਾ ਹਵਾਈ ਅੱਡੇ ਅਤੇ ਐਨ.ਐਚ.ਏ.ਆਈ. ਦੇ ਪ੍ਰੋਜੈਕਟਾਂ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਹੋਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨਾਲ ਸੰਸਦ ਮੈਂਬਰ ਸੰਜੀਵ ਅਰੋੜਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਲੋਕਾਂ ਨੂੰ ਮਿਆਰੀ ਸੇਵਾਵਾਂ ਪ੍ਰਦਾਨ ਕਰਨ ਲਈ ਸਿਹਤ ਸੰਭਾਲ ਬੁਨਿਆਦੀ ਢਾਂਚੇ ਨੂੰ ਸੁਧਾਰਨ ਨੂੰ ਪ੍ਰਮੁੱਖ ਤਰਜੀਹ ਦਿੱਤੀ ਗਈ ਹੈ। ਮੁੱਖ ਬੁਨਿਆਦੀ ਢਾਂਚੇ ਦੇ ਨਵੀਨੀਕਰਨ ’ਤੇ 1 ਕਰੋੜ ਰੁਪਏ ਖਰਚ ਕੀਤੇ ਜਾਣਗੇ, ਜਦਕਿ ਹੋਰ 1 ਕਰੋੜ ਰੁਪਏ ਦੀ ਵਰਤੋਂ ਉਚ ਪੱਧਰੀ ਮੈਡੀਕਲ ਉਪਕਰਨਾਂ ਨੂੰ ਖਰੀਦਣ ਲਈ ਕੀਤੀ ਜਾਵੇਗੀ, ਜਿਸ ਦਾ ਉਦੇਸ਼ ਮਰੀਜ਼ਾਂ ਲਈ ਸਭ ਤੋਂ ਵਧੀਆ ਸਰਕਾਰੀ ਸਿਹਤ ਸਹੂਲਤ ਮੁਹੱਈਆ ਕਰਵਾਉਣਾ ਹੈ। ਨਵੇਂ ਉਚ-ਤਕਨੀਕੀ ਉਪਕਰਣ ਡਾਕਟਰਾਂ ਦੀਆਂ ਜ਼ਰੂਰਤਾਂ ਦੇ ਅਧਾਰ ’ਤੇ ਖਰੀਦੇ ਜਾਣਗੇ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਮਰੀਜ਼ ਇੱਕ ਛੱਤ ਹੇਠ ਸਾਰੀਆਂ ਸਿਹਤ ਸੇਵਾਵਾਂ ਪ੍ਰਾਪਤ ਕਰ ਸਕਣ।

ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕੰਮ ਜਲਦ ਮੁਕੰਮਲ ਕਰਨ ਲਈ ਨਿਗਰਾਨ ਕਮੇਟੀ ਦਾ ਗਠਨ ਕੀਤਾ ਜਾਵੇ। ਉਨ੍ਹਾਂ ਸਿਵਲ ਹਸਪਤਾਲ ਵਿੱਚ ਨਵੇਂ ਸੀਵਰੇਜ ਸਿਸਟਮ, ਫਰਸ਼ ਅਤੇ ਸੜਕ ਦੀ ਟਾਇਲਿੰਗ, ਵਾਸ਼ਰੂਮ ਅਤੇ ਜੱਚਾ-ਬੱਚਾ ਸੈਂਟਰ ਦੇ ਨਵੀਨੀਕਰਨ ਦਾ ਕੰਮ ਕਰ ਰਹੇ ਠੇਕੇਦਾਰਾਂ ਨੂੰ ਕੰਮ ਦੀ ਰਫਤਾਰ ਵਿੱਚ ਤੇਜ਼ੀ ਲਿਆਉਣ ਲਈ ਵੀ ਕਿਹਾ। ਦੋ ਲਿਫਟਾਂ ਦੀ ਮੁਰੰਮਤ ਕਰਨ ਅਤੇ ਸਿਵਲ ਹਸਪਤਾਲ ਦੀ ਸਮੁੱਚੀ ਇਮਾਰਤ ਨੂੰ ਵਾਟਰਪਰੂਫ ਕਰਨ ਦਾ ਪ੍ਰਾਜੈਕਟ ਇਸ ਹਫ਼ਤੇ ਸ਼ੁਰੂ ਹੋ ਜਾਵੇਗਾ।

ਸੰਸਦ ਮੈਂਬਰ ਅਰੋੜਾ ਨੇ ਲੁਧਿਆਣਾ ਦੇ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਇਆ ਅਤੇ ਕਿਹਾ ਕਿ ਉਹ ਉਨ੍ਹਾਂ ਲਈ 24 ਘੰਟੇ ਉਪਲਬਧ ਹਨ।

ਇਸ ਤੋਂ ਇਲਾਵਾ ਸੰਸਦ ਮੈਂਬਰ ਸੰਜੀਵ ਅਰੋੜਾ ਨੇ ਹਲਵਾਰਾ ਹਵਾਈ ਅੱਡੇ ’ਤੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਵੀ ਜਾਇਜ਼ਾ ਲਿਆ ਅਤੇ ਕਿਹਾ ਕਿ ਉਹ ਜਲਦ ਹੀ ਹਵਾਈ ਫੌਜ ਦੇ ਉਚ-ਅਧਿਕਾਰੀਆਂ ਨਾਲ ਮੁਲਾਕਾਤ ਕਰਕੇ ਹਵਾਈ ਫੌਜ ਦੇ ਕੈਂਪਸ ਵਿਖੇ ਲੰਬਿਤ ਕੰਮਾਂ ਨੂੰ ਹੱਲ ਕਰਨ ਲਈ ਜਲਦ ਹੀ ਉਡਾਣ ਸ਼ੁਰੂ ਕਰਨ ਨੂੰ ਯਕੀਨੀ ਬਣਾਉਣਗੇ। ਉਨ੍ਹਾਂ ਠੇਕੇਦਾਰਾਂ ਨੂੰ ਟਰਮੀਨਲ ਬਿਲਡਿੰਗ ਲਈ ਸੁਰੱਖਿਆ ਸਰਟੀਫਿਕੇਟ ਕਾਰਜਕਾਰੀ ਏਜੰਸੀ ਨੂੰ ਜਮ੍ਹਾ ਕਰਵਾਉਣ ਦੀ ਵੀ ਅਪੀਲ ਕੀਤੀ।

ਅਰੋੜਾ ਨੇ ਲੁਧਿਆਣਾ ਵਿੱਚ ਐਨ.ਐਚ.ਏ.ਆਈ. ਪ੍ਰੋਜੈਕਟਾਂ ਦੀ ਪ੍ਰਗਤੀ ਬਾਰੇ ਵੀ ਚਰਚਾ ਕੀਤੀ। ਉਨ੍ਹਾਂ ਦੱਸਿਆ ਕਿ ਦੋਵਾਂ ਪਾਸਿਆਂ ਸਮੇਤ 21 ਕਿਲੋਮੀਟਰ ਸਾਈਕਲ ਟ੍ਰੈਕ ਬਣਾਉਣ ਲਈ 2 ਕਰੋੜ ਰੁਪਏ ਦੇ ਟੈਂਡਰ ਜਾਰੀ ਕੀਤੇ ਗਏ ਹਨ। ਐਨ.ਐਚ.ਏ.ਆਈ. ਵੱਲੋਂ ਲਾਡੋਵਾਲ ਬਾਈਪਾਸ ਦੇ ਨਾਲ-ਨਾਲ 19 ਕਰੋੜ ਰੁਪਏ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਹਨ। ਇਸ ਤੋਂ ਇਲਾਵਾ, ਨੈਸ਼ਨਲ ਹਾਈਵੇਜ਼ ਲੌਜਿਸਟਿਕਸ ਮੈਨੇਜਮੈਂਟ ਲਿਮਟਿਡ (ਐਨ.ਐਚ.ਐਲ.ਐਮ.ਐਲ.) ਨੇ ਐਲੀਵੇਟਿਡ ਰੋਡ (ਲੁਧਿਆਣਾ-ਫਿਰੋਜ਼ਪੁਰ) ਦੇ ਨਾਲ ਪਾਰਕਿੰਗ ਸਥਾਨਾਂ ਨੂੰ ਵਿਕਸਤ ਕਰਨ ਦਾ ਕੰਮ ਸ਼ੁਰੂ ਕੀਤਾ ਹੈ, ਜਿਸ ਨਾਲ ਟ੍ਰੈਫਿਕ ਨੂੰ ਘੱਟ ਕੀਤਾ ਜਾਵੇਗਾ ਅਤੇ ਲੋਕਾਂ ਨੂੰ ਵੱਡੇ ਪੱਧਰ ’ਤੇ ਲਾਭ ਹੋਵੇਗਾ। ਉਨ੍ਹਾਂ ਲੁਧਿਆਣਾ-ਰੋਪੜ, ਦੱਖਣੀ ਬਾਈਪਾਸ ਦੀ ਸਥਿਤੀ ਅਤੇ ਸਿੱਧਵਾਂ ਨਹਿਰ ’ਤੇ ਚਾਰ ਪੁਲਾਂ ਦੀ ਉਸਾਰੀ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਬੱਚਤ ਭਵਨ ਦੇ ਨਵੀਨੀਕਰਨ ਲਈ 15 ਲੱਖ ਰੁਪਏ ਦੇ ਯੋਗਦਾਨ ਦਾ ਵੀ ਐਲਾਨ ਕੀਤਾ।

ਅਰੋੜਾ ਨੇ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਦੀ ਅਪੀਲ ਕੀਤੀ ਕਿ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਅਤੇ ਨਤੀਜਾਮੁਖੀ ਢੰਗ ਨਾਲ ਸ਼ਹਿਰ ਵਾਸੀਆਂ ਦੇ ਫਾਇਦੇ ਲਈ ਪੂਰਾ ਕੀਤਾ ਜਾਵੇ।

ਇਸ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਅਤੇ ਵਧੀਕ ਡਿਪਟੀ ਕਮਿਸ਼ਨਰ ਅਨਮੋਲ ਸਿੰਘ ਧਾਲੀਵਾਲ ਨੇ ਸੰਸਦ ਮੈਂਬਰ ਦਾ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਸਵਾਗਤ ਕੀਤਾ।




# CLASSIFIEDS

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.
7Feb

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।
ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

You can Place Your Business Here
To Reach Wider Audience
(905)793-2202
For more info Call 905-793-2202 or e-mail ads@punjabipost.ca

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ।
ਸੰਪਰਕ : 647-948-8474 647-670-8013

You can Place Your Business Here
To Reach Wider Audience
(905)793-2202
For more info Call 905-793-2202 or e-mail ads@punjabipost.ca

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ ’ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

## ਲੜਕੇ ਦੀ ਲੋੜ

ਗਿੱਲ ਜੱਟ ਸਿਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿਖ ਲੜਕੀ, ਉਮਰ 27 ਸਾਲ, ਕੱਦ 5 ਫੁਟ 4”, ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡਿਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਪੰਜਾਬ 'ਚ ਝੋਨੇ ਦੀ ਸਿੱਧੀ ਬਿਜਾਈ ਨੂੰ ਮਿਲਿਆ ਹੁਲਾਰਾ : 15 ਫੀਸਦ ਰਕਬਾ ਵਧਿਆ

## ਹੁਣ ਤੱਕ ਦੋ ਲੱਖ ਏਕੜ ਤੋਂ ਵੱਧ ਰਕਬੇ ਵਿੱਚ ਹੋਈ ਝੋਨੇ ਦੀ ਸਿੱਧੀ ਬਿਜਾਈ

ਚੰਡੀਗੜ੍ਹ, 4 ਜੁਲਾਈ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੇ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ (ਡੀ.ਐੱਸ.ਆਰ.) ਨੂੰ ਅਪਣਾਉਣ ਲਈ ਕੀਤੇ ਯਤਨਾਂ ਨੂੰ ਵੱਡਾ ਹੁਲਾਰਾ ਮਿਲਿਆ ਹੈ। ਸਾਉਣੀ ਦੀ ਬਿਜਾਈ ਦਾ ਅੱਧਾ ਸੀਜ਼ਨ ਬਾਕੀ ਰਹਿਣ ਦੇ ਬਾਵਜੂਦ ਪਾਣੀ ਦੀ ਵੱਡੀ ਪੱਧਰ ਉਤੇ ਬੱਚਤ ਕਰਨ ਵਾਲੀ ਡੀ.ਐਸ.ਆਰ. ਤਕਨੀਕ ਅਧੀਨ ਰਕਬੇ ਵਿੱਚ ਪਿਛਲੇ ਸਾਲ ਦੇ ਮੁਕਾਬਲੇ 15 ਫ਼ੀਸਦ ਵਾਧਾ ਦਰਜ ਕੀਤਾ ਗਿਆ ਹੈ। ਇਸ ਵਾਰ ਦੋ ਲੱਖ ਏਕੜ ਤੋਂ ਵੱਧ ਰਕਬੇ ਵਿੱਚ ਝੋਨੇ ਦੀ ਸਿੱਧੀ ਬਿਜਾਈ ਹੋ ਚੁੱਕੀ ਹੈ, ਜੋ ਕਿ ਪਿਛਲੇ ਸਾਲ ਸਮੁੱਚੇ ਸਾਉਣੀ ਸੀਜ਼ਨ ਦੌਰਾਨ 1.72 ਲੱਖ ਏਕੜ ਸੀ।

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਇਸ ਨੂੰ ਇੱਕ ਵੱਡੀ ਸਫ਼ਲਤਾ ਕਰਾਰ ਦਿੰਦਿਆਂ ਖੇਤੀਬਾੜੀ ਵਿਭਾਗ ਵੱਲੋਂ ਮਿੱਥੇ ਟੀਚੇ ਅਨੁਸਾਰ ਇਸ ਸੀਜ਼ਨ ਵਿੱਚ ਡੀ.ਐਸ.ਆਰ. ਤਕਨੀਕ ਅਧੀਨ 5 ਲੱਖ ਏਕੜ ਰਕਬੇ 'ਚ ਝੋਨੇ ਦੀ ਸਿੱਧੀ ਬਿਜਾਈ ਹੋਣ ਦੀ ਆਸ ਪ੍ਰਗਟਾਈ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਡੀ.ਐਸ.ਆਰ. ਤਕਨੀਕ ਅਪਣਾਉਣ ਲਈ ਉਤਸ਼ਾਹਿਤ ਕਰਨ ਵਾਸਤੇ 1500 ਰੁਪਏ ਪ੍ਰਤੀ ਏਕੜ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ। ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ



ਵੱਲੋਂ 2024-25 ਦੌਰਾਨ ਇਸ ਤਕਨੀਕ ਨੂੰ ਅਪਣਾਉਣ ਵਾਲੇ ਕਿਸਾਨਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ 50 ਕਰੋੜ ਰੁਪਏ ਰੱਖੇ ਗਏ ਹਨ।

ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਸਾਲ 2023-24 ਦੌਰਾਨ ਡੀ.ਐਸ.ਆਰ. ਤਕਨੀਕ ਅਪਣਾਉਣ ਵਾਲੇ 17,116 ਕਿਸਾਨਾਂ ਨੂੰ 20.33 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ ਸੀ।

ਪੰਜਾਬ ਸਰਕਾਰ ਵੱਲੋਂ ਧਰਤੀ ਹੇਠਲਾ ਪਾਣੀ ਬਚਾਉਣ ਲਈ ਕੀਤੇ ਜਾ ਰਹੇ ਯਤਨਾਂ ਦਾ ਹਿੱਸਾ ਬਣਨ ਦੀ ਅਪੀਲ ਕਰਦਿਆਂ ਸੂਬੇ ਦੇ ਹੋਰ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਕਰਨ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਕਿਹਾ ਕਿ ਜਿਹੜੇ ਕਿਸਾਨਾਂ ਨੇ ਝੋਨੇ ਦੀ ਸਿੱਧੀ ਬਿਜਾਈ ਕੀਤੀ ਹੈ, ਉਨ੍ਹਾਂ ਨੂੰ ਵਿੱਤੀ ਸਹਾਇਤਾ ਪ੍ਰਾਪਤ ਕਰਨ ਲਈ 15 ਜੁਲਾਈ, 2024 ਤੱਕ ਪੋਰਟਲ ਉਤੇ ਰਜਿਸਟਰ ਕਰਨਾ ਹੋਵੇਗਾ।

ਖੇਤੀਬਾੜੀ ਮੰਤਰੀ ਨੇ ਕਿਹਾ ਕਿ ਡੀ.ਐਸ.ਆਰ. ਤਕਨੀਕ ਨਾ ਸਿਰਫ਼ ਪਾਣੀ ਦੀ ਸੰਭਾਲ ਵਿੱਚ ਸਹਾਈ ਹੁੰਦੀ ਹੈ, ਸਗੋਂ ਇਸ ਨਾਲ ਮਜ਼ਦੂਰੀ ਦੀ ਲਾਗਤ ਵੀ ਘਟਦੀ ਹੈ ਅਤੇ ਵਧੇਰੇ ਝਾੜ ਪ੍ਰਾਪਤ ਹੁੰਦਾ ਹੈ।

# 4 ਜੁਲਾਈ 1955 ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਹੋਏ ਹਮਲੇ ਦੀ ਯਾਦ 'ਚ ਗੁਰਮਤਿ ਸਮਾਗਮ




ਅੰਮ੍ਰਿਤਸਰ, 4 ਜੁਲਾਈ (ਗਿਆਨ ਸਿੰਘ): ਅਜ਼ਾਦ ਭਾਰਤ ਅੰਦਰ ਪੰਜਾਬੀ ਸੂਬਾ ਮੋਰਚਾ ਦੌਰਾਨ ਸਮੇਂ ਦੀ ਸਰਕਾਰ ਵੱਲੋਂ 4 ਜੁਲਾਈ 1955 ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਕੀਤੇ ਹਮਲੇ ਦੀ ਯਾਦ ਵਿਚ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਰੂਪ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਅਰਦਾਸ ਭਾਈ ਸਰਵਣ ਸਿੰਘ ਨੇ ਕੀਤੀ। ਸੰਗਤ ਨੂੰ ਹੁਕਮਨਾਮਾ ਕਥਾਵਾਚਕ ਭਾਈ ਵਿਸ਼ਾਲ ਸਿੰਘ ਨੇ ਸਰਵਣ ਕਰਵਾਇਆ।

ਸਮਾਗਮ ਮੌਕੇ ਕਥਾਵਾਚਕ ਭਾਈ ਵਿਸ਼ਾਲ ਸਿੰਘ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਮੇਂ ਸਮੇਂ ਹਾਕਮਾਂ ਨੇ ਸਿੱਖਾਂ ਦੇ ਕੇਂਦਰੀ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਹਮਲੇ ਕਰਕੇ ਸਿੱਖ ਕੌਮ ਨੂੰ ਕਮਜ਼ੋਰ ਕਰਨ ਦੇ ਯਤਨ ਕੀਤੇ ਹਨ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਕੁਲਵਿੰਦਰ ਸਿੰਘ ਰਮਦਾਸ, ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਭਗਵੰਤ ਸਿੰਘ ਧੰਗੇੜਾ, ਚੀਫ਼ ਅਕਾਊਂਟੈਂਟ ਮਿਲਖਾ ਸਿੰਘ, ਸੁਪ੍ਰਿੰਟੈਂਡੈਂਟ ਪ੍ਰਚਾਰ ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਜਗਤਾਰ ਸਿੰਘ, ਵਧੀਕ ਮੈਨੇਜਰ ਬਿਕਰਮਜੀਤ ਸਿੰਘ ਝੰਗੀ, ਯੁਵਰਾਜ ਸਿੰਘ, ਮੀਤ ਮੈਨੇਜਰ ਲਾਲ ਸਿੰਘ, ਪ੍ਰਚਾਰਕ ਭਾਈ ਖਜਾਨ ਸਿੰਘ ਅਤੇ ਸੰਗਤਾਂ ਮੌਜੂਦ ਸਨ।

# ਅਮਰੀਕਾ ਦੇ ਮੇਨੇ ਰਾਜ ਵਿਚ ਆਪਣੇ ਮਾਤਾ-ਪਿਤਾ ਤੇ ਉਨ੍ਹਾਂ ਦੇ 2 ਦੋਸਤਾਂ ਦੀ ਹੱਤਿਆ ਦੇ ਮਾਮਲੇ ਵਿਚ ਮੁਲਜ਼ਮ ਨੂੰ ਉਮਰ ਭਰ ਲਈ ਜੇਲ੍ਹ ਦੀ ਸਜ਼ਾ

ਸੈਕਰਾਮੈਂਟੋ,ਕੈਲੀਫੋਰਨੀਆ (ਹੁਸਨ ਲੜੋਆ ਬੰਗਾ): ਇਕ ਸਾਲ ਤੋਂ ਵਧ ਸਮਾਂ ਪਹਿਲਾਂ ਅਮਰੀਕਾ ਦੇ ਮੇਨੇ ਰਾਜ ਵਿਚ ਵੈਸਟ ਬਾਥ ਵਿਖੇ ਆਪਣੇ ਮਾਤਾ-ਪਿਤਾ ਤੇ ਉਨਾਂ ਦੇ 2 ਦੋਸਤਾਂ ਦੀ ਹੱਤਿਆ ਕਰਨ ਅਤੇ 3 ਹੋਰਨਾਂ ਨੂੰ ਜ਼ਖਮੀ ਕਰਨ ਦੇ ਮਾਮਲੇ ਵਿਚ ਦੋਸ਼ੀ ਜੋਸਫ ਈਟੋਨ ਨੂੰ ਜੱਜ ਨੇ ਉਮਰ ਭਰ ਲਈ ਜੇਲ ਦੀ ਸਜ਼ਾ ਸੁਣਾਈ ਹੈ। ਜੱਜ ਨੇ ਜੋਸਫ ਈਟੋਨ ਵੱਲੋਂ ਅਦਾਲਤ ਵਿਚ ਆਪਣਾ ਗੁਨਾਹ ਮੰਨ ਲੈਣ ਉਪਰੰਤ ਸਜ਼ਾ ਸੁਣਾਈ। ਜੋਸਫ ਈਟੋਨ ਨੇ ਨਾ ਲਾਅ ਇਨਫੋਰਸਮੈਂਟ ਅਧਿਕਾਰੀਆਂ ਤੇ ਨਾ ਹੀ ਅਦਾਲਤ ਵਿਚ ਮੌਜੂਦ ਮ੍ਰਿਤਕਾਂ ਦੇ ਸੱਕੇ ਸਬੰਧੀਆਂ ਤੇ ਦੋਸਤਾਂ ਨੂੰ ਹੱਤਿਆਵਾਂ ਦਾ ਕਾਰਨ ਨਹੀਂ ਦੱਸਿਆ। ਅਪ੍ਰੈਲ 2023 ਵਿਚ ਵਾਪਰੀ ਇਸ ਘਟਨਾ ਵਿਚ ਜ਼ਖਮੀ ਹੋਈ ਇਕ ਔਰਤ ਨੇ ਇਕ



ਲਿਖਤੀ ਗਵਾਹੀ ਵਿਚ ਘਟਨਾ ਦਾ ਪੂਰਾ ਵੇਰਵਾ ਦੱਸਿਆ ਹੈ। ਘਟਨਾ ਵਿਚ ਗੋਲੀ ਵੱਜਣ ਕਾਰਨ ਜ਼ਖਮੀ ਹੋਈ ਇਕ ਔਰਤ ਦੇ ਪਿਤਾ ਨੇ ਵੀ ਆਪਣੇ ਲਿਖਤੀ ਬਿਆਨ ਵਿਚ ਜੋਸਫ ਈਟੋਨ ਵੱਲੋਂ ਕੀਤੀ ਹਿੰਸਾ ਬਾਰੇ ਵਿਸਥਾਰ ਪੂਰਵਕ ਦੱਸਿਆ ਹੈ। ਇਸ ਤੋਂ ਇਲਾਵਾ ਹੋਰ ਗਵਾਹੀਆਂ ਵੀ ਈਟੋਨ ਦੇ ਵਿਰੁੱਧ ਭੁਗਤੀਆਂ ਹਨ।

# ਮੋਗਾ ਵਿੱਚ ਬੂਟੇ ਲਾਉਣ ਅਤੇ ਸੰਭਾਲਣ ਦੀ ਇਕ ਸਾਲ ਦੀ ਯੋਜਨਾ ਤਿਆਰ

## 5 ਲੱਖ ਤੋਂ ਵਧੇਰੇ ਪੌਦੇ ਲਗਾਏ ਜਾ ਰਹੇ, ਪੇਂਡੂ ਖੇਤਰਾਂ ਵਿੱਚ ਨਰੇਗਾ ਵਰਕਰ ਟੋਏ ਪੁੱਟਣਗੇ ਅਤੇ ਇਕ ਸਾਲ ਪਾਣੀ ਪਾਉਣਗੇ

ਮੋਗਾ, 4 ਜੁਲਾਈ (ਗਿਆਨ ਸਿੰਘ): ਜ਼ਿਲ੍ਹਾ ਮੋਗਾ ਨੂੰ ਹਰਿਆਲੀ ਪੱਖੋਂ ਭਰਪੂਰ ਬਣਾਉਣ ਦੇ ਮਿੱਥੇ ਟੀਚੇ ਤਹਿਤ ਮੌਜੂਦਾ ਵਿੱਤੀ ਵਰ੍ਹੇ ਅੰਦਰ 5 ਲੱਖ ਤੋਂ ਵਧੇਰੇ ਬੂਟੇ ਲਗਾਉਣ ਅਤੇ ਉਨ੍ਹਾਂ ਦੀ ਸਹੀ ਪਰਵਰਿਸ਼ ਕਰਨ ਦਾ ਟੀਚਾ ਮਿਥਿਆ ਗਿਆ ਹੈ। ਇਸ ਟੀਚੇ ਨੂੰ ਪੂਰਾ ਕਰਨ ਲਈ ਇਕ ਸਾਲ ਦੀ ਯੋਜਨਾ ਤਿਆਰ ਕੀਤੀ ਗਈ ਹੈ। ਇਹ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ੍ਰ ਜਗਵਿੰਦਰਜੀਤ ਸਿੰਘ ਗਰੇਵਾਲ ਨੇ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨਾਲ ਮੀਟਿੰਗ ਦੌਰਾਨ ਕੀਤਾ।



ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਆਮ ਤੌਰ ਉੱਤੇ ਦੇਖਿਆ ਗਿਆ ਹੈ ਕਿ ਨਿਰਧਾਰਤ ਟੀਚੇ ਮੁਤਾਬਿਕ ਬੂਟੇ ਸਹੀ ਤਰੀਕੇ ਨਾਲ ਲੱਗਦੇ ਹੀ ਨਹੀਂ। ਇਸ ਲਈ ਫੈਸਲਾ ਕੀਤਾ ਗਿਆ ਹੈ ਕਿ ਪੇਂਡੂ ਖੇਤਰਾਂ ਵਿੱਚ ਟੋਏ ਪੁੱਟਣ ਦਾ ਕੰਮ ਨਰੇਗਾ ਵਰਕਰ ਕਰਨਗੇ। ਇਹੀ ਵਰਕਰ ਇਕ ਸਾਲ ਇਹਨਾਂ ਬੂਟਿਆਂ ਨੂੰ ਪਾਣੀ ਪਾਉਣਾ ਵੀ ਯਕੀਨੀ ਬਣਾਉਣਗੇ। ਇਸ ਲਈ ਹਰੇਕ ਵਿਭਾਗ ਮੁਖੀ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਤੁਰੰਤ ਨਰੇਗਾ ਵਰਕਰਾਂ ਦੀ ਲੋੜ ਅਨੁਸਾਰ ਮੰਗ ਕਰ ਲੈਣ। ਸ਼ਹਿਰੀ ਖੇਤਰਾਂ ਵਿੱਚ ਬੂਟੇ ਲਾਉਣ ਅਤੇ ਪਾਣੀ ਪਾਉਣ ਦਾ ਕੰਮ ਨਗਰ ਨਿਗਮ ਅਤੇ ਨਗਰ ਕੌਂਸਲਾਂ ਦੇ ਕਰਮਚਾਰੀ ਜਾਂ ਮਾਲੀ ਕਰਨਗੇ।

ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਅਗਾਮੀ ਮੌਨਸੂਨ ਦੌਰਾਨ ਸ਼ੁਰੂ ਕੀਤੀ ਜਾਣ ਵਾਲੀ ਇਸ ਮੁਹਿੰਮ ਦੌਰਾਨ ਗੈਰ ਸਰਕਾਰੀ ਸੰਸਥਾਵਾਂ ਵੱਲੋਂ ਵੀ ਸਹਿਯੋਗ ਕੀਤਾ ਜਾ ਰਿਹਾ ਹੈ। ਰਾਊਂਡ ਗਲਾਸ ਸੰਸਥਾ ਵੱਲੋਂ 1 ਫੁੱਟ ਤੋਂ ਵੱਡੇ ਅਤੇ ਸੋਢੀ ਫਾਉਂਡੇਸ਼ਨ ਵਲੋਂ ਤਿੰਨ ਫੁੱਟ ਤੋਂ ਉੱਚੇ ਬੂਟੇ ਲਗਾਏ ਜਾਣਗੇ ਤਾਂ ਜੋ ਇਹਨਾਂ ਬੂਟਿਆਂ ਨੂੰ ਭਵਿੱਖ ਵਿੱਚ ਪਾਲਣਾ ਸੌਖਾ ਹੋ ਸਕੇ। ਪੂਰੇ ਜ਼ਿਲ੍ਹੇ ਵਿਚ 15 ਜੰਗਲ ਲਗਾਉਣ ਦਾ ਵੀ ਟੀਚਾ ਹੈ। ਜਿਹੜੇ ਪਿੰਡਾਂ ਵਿੱਚ ਇਹ ਜੰਗਲ ਲਗਾਉਣ ਦਾ ਪ੍ਰਸਤਾਵ ਹੈ, ਉਹਨਾਂ ਪਿੰਡਾਂ ਦੀ ਪਛਾਣ ਕਰ ਲਈ ਗਈ ਹੈ। ਇਹਨਾਂ ਮਿੰਨੀ ਜੰਗਲਾਂ ਦੀ ਚਾਰ ਦੁਆਰੀ ਬਾਂਸ ਦੇ ਦਰੱਖਤਾਂ ਨਾਲ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਜਿਹੜੇ ਬੂਟੇ ਦਰੱਖ਼ਤ ਪਹਿਲਾਂ ਲੱਗੇ ਹੋਏ ਹਨ, ਉਹ ਵੀ ਸਾਂਭੇ ਜਾਣਗੇ। ਨਵੇਂ ਬੂਟੇ ਉਹ ਲਾਉਣੇ ਹਨ ਜੋ ਅੱਗੇ ਬਚੇ ਰਹਿਣ।

ਉਹਨਾਂ ਕਿਹਾ ਕਿ ਇਸ ਸਾਲ ਮਿੱਥੇ ਗਏ ਇਸ ਟੀਚੇ ਨੂੰ ਹਾਸਲ ਕਰਨ ਲਈ ਲੋਕਾਂ ਦੀ ਸਰਗਰਮ ਹਿੱਸੇਦਾਰੀ ਦੀ ਜ਼ਰੂਰਤ ਹੈ ਕਿਉਂਕਿ ਹਰ ਨਾਗਰਿਕ ਦਾ ਵੀ ਇਹ ਨੈਤਿਕ ਫਰਜ਼ ਹੈ ਕਿ ਉਹ ਆਪਣੇ ਆਲੇ ਦੁਆਲੇ ਨੂੰ ਹਰਿਆਲੀ ਭਰਪੂਰ ਬਣਾਉਣ ਲਈ ਕੁਦਰਤ ਨਾਲ ਆਪਣੀ ਸਾਂਝ ਨੂੰ ਮਜ਼ਬੂਤ ਕਰੇ।

ਵਧੀਕ ਡਿਪਟੀ ਕਮਿਸ਼ਨਰ ਨੇ ਵਿਭਾਗੀ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਹਰੇਕ ਵਿਭਾਗ ਦੇ ਅਧੀਨ ਆਉਂਦੀਆਂ ਥਾਵਾਂ ਵਿੱਚੋਂ ਅਜਿਹੇ ਖਾਲੀ ਸਥਾਨਾਂ ਦੀ ਸੂਚੀ ਮੁਹੱਈਆ ਕਰਵਾਈ ਜਾਵੇ ਜਿਥੇ ਕਿ ਮੌਨਸੂਨ ਸੀਜ਼ਨ ਦੌਰਾਨ ਬੂਟੇ ਲਗਾਏ ਜਾ ਸਕਦੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਵਣ ਵਿਭਾਗ ਵੱਲੋਂ ਇਸ ਟੀਚੇ ਦੀ ਪ੍ਰਾਪਤੀ ਲਈ ਯੋਜਨਾ ਤਿਆਰ ਕੀਤੀ ਗਈ ਹੈ ਜਿਸ ਨੂੰ ਸਾਰਿਆਂ ਦੇ ਸਹਿਯੋਗ ਨਾਲ ਨੇਪਰੇ ਚੜ੍ਹਾਇਆ ਜਾਵੇਗਾ। ਕੁੱਲ 5 ਲੱਖ ਬੂਟਿਆਂ ਵਿੱਚੋਂ 1.50 ਲੱਖ ਬੂਟੇ ਜੰਗਲਾਤ ਵਿਭਾਗ ਵੱਲੋਂ ਆਪਣੇ ਪੱਧਰ ਉੱਤੇ ਲਗਾਏ ਜਾਣਗੇ ਜਦਕਿ ਬਾਕੀ ਬੂਟੇ ਵੱਖ ਵੱਖ ਵਿਭਾਗਾਂ ਦੇ ਸਹਿਯੋਗ ਨਾਲ ਲਗਾਏ ਜਾਣਗੇ।

ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕੋਸ਼ਿਸ਼ ਕੀਤੀ ਜਾਵੇਗੀ ਕਿ ਜਿਆਦਾਤਰ ਬੂਟੇ ਮਗਨਰੇਗਾ ਰਾਹੀਂ ਲਗਵਾਏ ਜਾਣ ਜਦਕਿ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਦੇ ਨਾਲ ਨਾਲ ਕਿਸਾਨਾਂ, ਸਮਾਜ ਸੇਵੀ ਸੰਗਠਨਾਂ, ਗੈਰ ਸਿਆਸੀ ਜਥੇਬੰਦੀਆਂ, ਵਿਦਿਅਕ ਅਦਾਰਿਆਂ, ਯੂਥ ਕਲੱਬਾਂ, ਖੇਡ ਕਲੱਬਾਂ ਨਾਲ ਤਾਲਮੇਲ ਕਰਦੇ ਹੋਏ ਵੀ ਇਸ ਉਦੇਸ਼ ਦੀ ਪੂਰਤੀ ਲਈ ਉਪਰਾਲੇ ਕੀਤੇ ਜਾਣਗੇ।

ਇਸ ਮੌਕੇ ਜੰਗਲਾਤ ਵਿਭਾਗ ਦੇ ਅਧਿਕਾਰੀ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਜ਼ਿਲ੍ਹਾ ਨਿਵਾਸੀਆਂ ਨੂੰ ਵੀ ਬੂਟੇ ਮੁਫ਼ਤ ਮੁਹੱਈਆ ਕਰਵਾਏ ਜਾਣਗੇ ਤਾਂ ਜੋ ਲੋਕ ਆਪਣੇ ਆਲੇ ਦੁਆਲੇ ਖਾਲੀ ਪਈਆਂ ਥਾਵਾਂ, ਪਲਾਟਾਂ ਆਦਿ ਵਿੱਚ ਬੂਟੇ ਲਗਾ ਸਕਣ। ਉਨ੍ਹਾਂ ਦੱਸਿਆ ਕਿ ਰਵਾਇਤੀ ਕਿਸਮਾਂ ਦੇ ਬੂਟੇ ਜਿਵੇਂ ਬੋਹੜ, ਪਿੱਪਲ, ਕਿੱਕਰ, ਟਾਹਲੀ, ਨਿੰਮ ਆਦਿ ਦੇ ਨਾਲ ਨਾਲ ਫੁੱਲਾਂ ਦੀਆਂ ਵਿਭਿੰਨ ਕਿਸਮਾਂ, ਛਾਂਦਾਰ ਬੂਟੇ ਵੀ ਵੰਡੇ ਜਾਣਗੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਵਣ ਵਿਭਾਗੀ ਅਤੇ ਹੋਰ ਨਰਸਰੀਆਂ ਵਿੱਚ 11 ਲੱਖ ਬੂਟੇ ਤਿਆਰ ਕੀਤੇ ਗਏ ਹਨ। ਮੀਟਿੰਗ ਦੌਰਾਨ ਐਸ.ਡੀ.ਐਮ ਮੋਗਾ ਸ੍ਰ ਸਾਰੰਗਪ੍ਰੀਤ ਸਿੰਘ ਔਜਲਾ ਸਮੇਤ ਹੋਰ ਵਿਭਾਗਾਂ ਦੇ ਮੁਖੀ ਵੀ ਹਾਜ਼ਰ ਸਨ।

# ਸਰਕਾਰੀ ਮਿਡਲ ਸਕੂਲ ਹੱਡਾਂ ਵਾਲੀ (ਜੋਈਆਂ ਵਾਲਾ) ਦੇ ਅਧਿਆਪਕਾਂ ਅਤੇ ਬੱਚਿਆਂ ਨੇ ਪਿੰਡ ਦੇ ਨੌਜਵਾਨਾਂ ਦੇ ਸਹਿਯੋਗ ਨਾਲ ਲਗਾਏ ਪੌਦੇ

ਫ਼ਿਰੋਜ਼ਪੁਰ 4 ਜੁਲਾਈ (ਗਿਆਨ ਸਿੰਘ): ਸਰਕਾਰੀ ਮਿਡਲ ਸਕੂਲ ਹੱਡਾਂ ਵਾਲੀ (ਜੋਈਆਂ ਵਾਲਾ) ਦੇ ਅਧਿਆਪਕਾਂ ਅਤੇ ਬੱਚਿਆਂ ਨੇ ਪਿੰਡ । ਇਸ ਮੌਕੇ ਸਕੂਲ ਇੰਚਾਰਜ ਜਗਸੀਰ ਸਿੰਘ ਗਿੱਲ ਨੇ ਦੱਸਿਆ ਕਿ ਵਾਤਾਵਰਨ ਦੀ ਸੰਭਾਲ ਲਈ ਸਕੂਲ ਵਿੱਚ ਸਕੂਲ ਸਟਾਫ਼ ਵੱਲੋਂ ਵੱਡੀ ਗਿਣਤੀ ਵਿੱਚ ਫੁੱਲਦਾਰ,ਫਲਦਾਰ ਅਤੇ ਛਾਂ ਵਾਲੇ 100 ਤੋਂ ਵੱਧ ਬੂਟੇ ਲਗਾਏ ਗਏ । ਉਹਨਾਂ ਕਿਹਾ ਕਿ ਪੰਜਾਬ ਸਰਕਾਰ, ਸਿੱਖਿਆ ਵਿਭਾਗ ਅਤੇ ਜ਼ਲਿਾ ਸਿੱਖਿਆ ਅਫ਼ਸਰ ਫਿਰੋਜ਼ਪੁਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜੰਗਲਾਤ ਵਿਭਾਗ ਦੇ ਸਹਿਯੋਗ ਨਾਲ ਸਰਕਾਰੀ ਖਾਲੀ ਥਾਂਵਾਂ 'ਤੇ ਪੌਦੇ ਲਗਾਏ ਜਾ ਰਹੇ ਹਨ। ਇਸ ਮੌਕੇ ਉਹਨਾਂ ਕਿਹਾ ਕਿ ਵਿਦਿਆਰਥੀਆਂ ਨੂੰ ਬੂਟਿਆਂ ਦੀ ਸਾਂਭ-ਸੰਭਾਲ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਵਾਤਾਵਰਨ ਦੀ ਸ਼ੁੱਧਤਾ, ਸੁੰਦਰਤਾ ਅਤੇ ਹਰਿਆਵਲ ਨੂੰ ਬਰਕਰਾਰ ਰੱਖਣ ਲਈ ਅਤੇ ਧਰਤੀ ਦੇ ਵੱਧ ਰਹੇ ਤਾਪਮਾਨ ਨੂੰ ਰੋਕਣ ਲਈ ਰੁੱਖ ਲਗਾਉਣੇ ਬਹੁਤ ਜ਼ਰੂਰੀ ਹਨ।



ਉਨ੍ਹਾਂ ਕਿਹਾ ਕਿ ਵਾਤਾਵਰਣ ਬਹੁਤ ਪ੍ਰਦੂਸ਼ਿਤ ਹੋ ਚੁੱਕਿਆ ਹੈ,ਅੱਜ ਲੋੜ ਹੈ ,ਸਾਨੂੰ ਸਾਰਿਆਂ ਨੂੰ ਰਲ ਕੇ ਕਿ ਅਸੀਂ ਪ੍ਰਦੂਸ਼ਿਤ ਵਾਤਾਵਰਨ ਦੇ ਖਾਤਮੇ ਲਈ ਇਕੱਠੇ ਹੋ ਕੇ ਵੱਡੀ ਗਿਣਤੀ ਵਿੱਚ ਆਪਣੇ ਆਲੇ ਦੁਆਲੇ ਰੁੱਖ ਲਗਾਈਏ। ਜਗਸੀਰ ਸਿੰਘ ਨੇ ਕਿਹਾ ਕਿ ਦਰੱਖਤਾਂ ਦੀ ਘਾਟ ਕਾਰਨ ਵਾਤਾਵਰਨ ਵਿੱਚ ਬਹੁਤ ਹੀ ਜ਼ਿਆਦਾ ਸਮੱਸਿਆ ਪੈਦਾ ਹੋ ਰਹੀ ਹੈ,ਧਰਤੀ ਦੇ ਪਾਣੀ ਦਾ ਸਤਰ ਦਿਨੋਂ-ਦਿਨ ਘਟਦਾ ਜਾ ਰਿਹਾ ਹੈ। ਇਸ ਲਈ ਸੋਕੇ ਤੋਂ ,ਬਿਮਾਰੀਆਂ ਬਚਣ ਅਤੇ ਵਾਤਾਵਰਨ ਨੂੰ ਸ਼ੁੱਧ ਬਣਾਉਣ ਲਈ ਅਸੀਂ ਬੂਟੇ ਲਗਾਈਏ ਅਤੇ ਉਨ੍ਹਾਂ ਦੀ ਸੰਭਾਲ ਕਰੀਏ। ਇਸ ਸਮੇਂ ਸਕੂਲ ਦੇ ਬੱਚਿਆਂ ਵੱਲੋਂ ਵਾਤਾਵਰਨ ਦੀ ਸਾਂਭ ਸੰਭਾਲ ਲਈ ਅਤੇ ਪਾਣੀ ਦੀ ਦੁਰਵਰਤੋਂ ਨਾ ਕਰਨ ਦਾ ਪ੍ਰਣ ਕੀਤਾ ਅਤੇ ਵਾਤਾਵਰਨ ਦੀ ਜਾਗਰੂਕਤਾ ਲਈ ਨਾਅਰੇ ਲਗਾਏ ਗਏ । ਇਹ ਪੌਦੇ ਪਿੰਡ ਦੇ ਵਾਤਾਵਰਨ ਪ੍ਰੇਮੀ ਅਤੇ ਸਮਾਜ ਸੇਵੀ ਨੌਜਵਾਨ ਬਲਵਿੰਦਰ ਸਿੰਘ ਰਾਣਾ, ਜਗਦੀਪ ਸਿੰਘ, ਬਲਜਿੰਦਰ ਸਿੰਘ ਅਤੇ ਜਸਪ੍ਰੀਤ ਸਿੰਘ ਦੇ ਸਹਿਯੋਗ ਨਾਲ ਲਗਾਏ ਗਏ। ਇਸ ਮੌਕੇ ਬੱਚਿਆਂ ਤੋਂ ਇਲਾਵਾ ਅਧਿਆਪਕ ਗੁਰਪ੍ਰੀਤ ਸਿੰਘ, ਸਤਵਿੰਦਰ ਸਿੰਘ, ਮੈਡਮ ਆਰਤੀ ਆਦਿ ਹਾਜ਼ਰ ਸਨ।







# ਪੰਜਾਬ ਸਰਕਾਰ ਦਾ ਵੱਡਾ ਫੈਸਲਾ: ਔਰਤਾਂ ਦੇ ਸ਼ਸਕਤੀਕਰਨ ਲਈ ਹਰ ਜ਼ਿਲ੍ਹੇ ਵਿੱਚ ਜ਼ਿਲ੍ਹਾ ਹੱਬ ਦੀ ਸਥਾਪਨਾ : ਡਾ. ਬਲਜੀਤ ਕੌਰ

## ਪੰਜਾਬ ਸਰਕਾਰ ਦੀਆਂ ਸਕੀਮਾਂ ਦਾ ਲਾਭ ਯਕੀਨੀ ਬਣਾਉਣ ਲਈ 4 ਅਕਤੂਬਰ ਤੱਕ ਚਲਾਇਆ ਜਾਵੇਗਾ ਜਾਗਰੂਕਤਾ ਅਭਿਆਨ

ਚੰਡੀਗੜ੍ਹ, 4 ਜੁਲਾਈ (ਗਿਆਨ ਸਿੰਘ): "ਪੰਜਾਬ ਸਰਕਾਰ ਵਲੋਂ ਔਰਤਾਂ ਦੇ ਸ਼ਸਕਤੀਕਰਨ ਲਈ ਵੱਡਾ ਕਦਮ ਪੁੱਟਦੇ ਹੋਏ ਸੂਬੇ ਦੇ ਹਰ ਜ਼ਿਲ੍ਹੇ ਵਿੱਚ ਜ਼ਿਲ੍ਹਾ ਹੱਬ ਦੀ ਸਥਾਪਨਾ ਕੀਤੀ ਗਈ ਹੈ।" ਇਹ ਪ੍ਰਗਟਾਵਾ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ।

ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ 'ਚ ਔਰਤਾਂ ਦੇ ਸ਼ਸਕਤੀਕਰਨ, ਸੁਰੱਖਿਆ, ਭਲਾਈ ਅਤੇ ਔਰਤਾਂ ਦੇ ਸਿਹਤ ਦੇ ਮਿਆਰ ਨੂੰ ਉਪਰ ਚੁੱਕਣ ਲਈ ਵੱਖ-ਵੱਖ ਸਕੀਮਾਂ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਔਰਤਾਂ ਦੇ ਸ਼ਸਕਤੀਕਰਨ ਲਈ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਇਕ ਨਵੀਂ ਸ਼ਾਖਾ ਦੀ ਸਥਾਪਨਾ ਕੀਤੀ ਗਈ ਹੈ ਜਿਸ ਨੂੰ ਜ਼ਲ੍ਹਿਾ ਹੱਬ ਦਾ ਨਾਮ ਦਿੱਤਾ ਗਿਆ ਹੈ।

ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਜ਼ਲ੍ਹਿਾ ਹੱਬ ਬਣਾਉਣ ਦਾ ਉਦੇਸ਼ "ਪੇਂਡੂ ਔਰਤਾਂ ਨੂੰ ਹੁਨਰ ਵਿਕਾਸ, ਰੁਜ਼ਗਾਰ, ਡਿਜੀਟਲ ਸਾਖਰਤਾ, ਆਰਥਿਕ ਸ਼ਕਤੀਕਰਨ ਸਿਹਤ ਅਤੇ ਪੋਸ਼ਣ ਦੇ ਮੌਕੇ ਪ੍ਰਦਾਨ ਕਰਨੇ ਅਤੇ ਔਰਤਾਂ ਨਾਲ ਸਬੰਧਤ ਸਕੀਮਾਂ ਦਾ ਵੱਧ ਤੋਂ ਵੱਧ ਪ੍ਰਚਾਰ ਕਰਨ ਲਈ ਗਤੀਵਿਧੀਆਂ ਕਰਨਾ ਹੈ।

ਜ਼ਿਲ੍ਹਾ ਹੱਬ ਪੇਂਡੂ ਔਰਤਾਂ ਨੂੰ ਆਪਣੇ ਹੱਕਾਂ ਦਾ ਲਾਭ ਉਠਾਉਣ ਅਤੇ ਜਾਗਰੂਕਤਾ ਪੈਦਾ ਕਰਨ ਲਈ ਕੰਮ ਕਰੇਗੀ ਅਤੇ ਨਾਲ ਹੀ ਲਾਗੂ ਕੀਤੀਆਂ ਜਾ ਰਹੀਆਂ ਸਕੀਮਾਂ ਅਧੀਨ ਲਾਭ ਲੈਣ ਲਈ ਔਰਤਾਂ ਲਈ ਸਰਕਾਰ ਤੱਕ ਪਹੁੰਚ ਕਰਨ ਲਈ ਇੱਕ ਕੜੀ ਦਾ ਕੰਮ ਕਰੇਗੀ।

ਉਨ੍ਹਾਂ ਦੱਸਿਆ ਕਿ ਜ਼ਲ੍ਹਿਾ ਹੱਬ ਨਾਲ ਔਰਤਾਂ ਦੇ ਸ਼ਸਕਤੀਕਰਨ ਲਈ ਗ੍ਰਾਮ ਪੰਚਾਇਤ ਪੱਧਰ ਤੱਕ ਪੰਜਾਬ ਸਰਕਾਰ ਵਲੋਂ ਲਾਗੂ ਕੀਤੀਆਂ ਜਾ ਰਹੀਆਂ ਸਕੀਮਾਂ ਦਾ ਲਾਭ ਪਹੁੰਚਾਉਣਾ ਯਕੀਨੀ ਬਣਾਇਆ ਜਾਵੇਗਾ।

ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸੇ ਉਦੇਸ਼ ਨੂੰ ਮੁੱਖ ਰੱਖਦੇ ਹੋਏ ਸਮਾਜਿਕ ਸੁਰੱਖਿਆ, ਇਸਤਰੀ ਤੇ



ਬਾਲ ਵਿਕਾਸ ਵਿਭਾਗ ਵਲੋਂ ਜ਼ਲ੍ਹਿਾ ਹੱਬ ਰਾਹੀਂ 21 ਜੂਨ ਤੋਂ ਪੰਜਾਬ ਭਰ ਵਿੱਚ 100 ਦਿਨ ਦਾ ਜਾਗਰੂਕਤਾ ਅਭਿਆਨ ਸ਼ੁਰੂ ਕੀਤਾ ਗਿਆ। ਇਸ ਜਾਗਰੂਕਤਾ ਅਭਿਆਨ ਰਾਹੀਂ ਔਰਤਾਂ, ਬੱਚਿਆਂ ਦੀ ਸੁਰੱਖਿਆ ਅਤੇ ਸ਼ਕਤੀਕਰਨ ਨਾਲ ਸਬੰਧਤ ਸਾਰੀਆਂ ਸਕੀਮਾਂ ਅਤੇ ਕਾਨੂੰਨਾਂ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਤਾਂ ਜੋ ਲੋਕ ਪੰਜਾਬ ਸਰਕਾਰ ਵਲੋਂ ਲਾਗੂ ਕੀਤੀਆਂ ਜਾ ਰਹੀਆਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈ ਸਕਣ।

ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਔਰਤਾਂ ਦੇ ਸ਼ਕਤੀਕਰਨ ਨਾਲ ਸਬੰਧਤ ਸਕੀਮਾਂ ਜਿਵੇਂ ਪ੍ਰਧਾਨ ਮੰਤਰੀ ਮਾਤਰੂ ਵੰਦਨਾ ਯੋਜਨਾ ਜਿਸ ਦੇ ਤਹਿਤ ਪਹਿਲੇ ਬੱਚੇ ਲੜਕਾ ਜਾਂ ਲੜਕੀ ਅਤੇ ਦੂਜਾ ਬੱਚਾ ਸਿਰਫ ਲੜਕੀ ਦੇ ਜਨਮ ਤੇ ਯੋਗ ਲਾਭਪਾਤਰੀ ਔਰਤਾਂ ਦੁੱਧ ਪਿਲਾਉਣ ਵਾਲੀਆਂ ਮਾਵਾਂ ਨੂੰ ਕ੍ਰਮਵਾਰ 5000 ਰੁਪਏ ਅਤੇ 6000 ਰੁਪਏ ਦੀ ਵਿੱਤੀ ਸਹਾਇਤਾ ਦਿਤੀ ਜਾਂਦੀ ਹੈ, ਬਾਰੇ ਪ੍ਰਚਾਰ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਪਾਲਨਾ ਸਕੀਮ ਤਹਿਤ ਕੰਮ ਵਾਲੀਆਂ ਔਰਤਾਂ ਦੇ ਬੱਚਿਆਂ ਦੀ ਦੇਖਭਾਲ ਲਈ ਕ੍ਰੈੱਚ ਖੋਲ੍ਹੇ ਜਾਣੇ ਹਨ ਤਾਂ ਜੋ ਔਰਤਾਂ ਬੇਫਿਕਰ ਹੋ ਕਿ ਆਪਣੇ ਕੰਮ 'ਤੇ ਜਾ ਸਕਣ ਅਤੇ ਉਨ੍ਹਾਂ ਦਾ ਆਰਥਿਕ ਸ਼ਕਤੀਕਰਨ ਕੀਤਾ ਜਾ ਸਕੇ। ਸਖੀ ਵਨ ਸਟਾਪ ਸੈਂਟਰ ਸਕੀਮ ਜਿਸ ਦੇ ਤਹਿਤ ਕਿਸੇ ਵੀ ਤਰਾਂ ਦੀ ਹਿੰਸਾ ਤੋਂ ਪੀੜਿਤ ਔਰਤ ਨੂੰ ਮੁਫ਼ਤ ਸੇਵਾਵਾਂ ਦਿਤੀਆਂ ਜਾਂਦੀਆਂ ਹਨ ਅਤੇ ਵੂਮਨ ਹੈਲਪਲਾਈਨ 181 ਆਦਿ ਬਾਰੇ ਕਮਿਊਨਿਟੀ/ਸਕੂਲਾਂ/ਕਾਲਜਾਂ ਵਿੱਚ ਅਤੇ ਜ਼ਲ੍ਹਿਆਂ ਅਤੇ ਬਲਾਕਾਂ ਵਿੱਚ ਜਾਗਰੂਕਤਾ ਸੈਸ਼ਨ/ਕੈਂਪ ਲਗਾ ਕੇ ਜਾਗਰੂਕਤਾ ਫੈਲਾਈ ਜਾਵੇਗੀ।

ਇਸ ਤੋਂ ਇਲਾਵਾ ਅਗਲੇ ਹਫਤੇ ਵਿੱਚ 'ਬੇਟੀ ਬਚਾਓ ਬੇਟੀ ਪੜ੍ਹਾਓ' ਸਕੀਮ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਇਹ ਜਾਗਰੂਕਤਾ ਅਭਿਆਨ 4 ਅਕਤੂਬਰ 2024 ਤੱਕ ਚਲਾਇਆ ਜਾਵੇਗਾ।

LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES

The Mortgage Centre
We work for you, not the lenders.




Debt Consolidation | Renovations & Repairs | Avoiding High penalities

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:

Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

URGENTLY NEED NEW LISTINGS IN BRAMPTON/CALEDON

visit: www.teamjagaujla.com



ADVERTISEMENT GUARANTEED TILL SOLD

# JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED IN YOUR NEIGHBOURHOOD

## Sandalwood & Sunny Meadow Blvd



ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੌਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਇਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

## James Potter/Queen/Bonnie Brae



ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।

## Caledon Ontario (Dir/Cross St:Mayfield/ Mclaughlin/Tweedhill)



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

## Bramalea/Father Tobin /Fernfor



ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ 'ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232

Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT


2024 TOUR • 180+ SHOWS •
12 FABULOUS LOCATIONS • CANADA & USA
ROYAL CANADIAN International CIRCUS
UNDER THE BIG TOP
6 GTA LOCATIONS
June 27 - Sept 2
2 for 1
GENERAL ADMISSION TICKETS DISCOUNT
PROMO CODE:
PUNJABI
ROYALCANADIANCIRCUS.CA